ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਐਤਵਾਰ, 11 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੩੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਪਾਕਿਸਤਾਨ ਦੀ ਬੇਲਗ਼ਾਮ ਆਰਮੀ ਵੱਲੋਂ

# 'ਜੰਗ' ਖ਼ਤਮ ਦੇ ਐਲਾਨ ਮਗਰੋਂ 'ਜੰਗਬੰਦੀ' ਦੀ ਉਲੰਘਣਾ



Donald J. Trump
@realDonaldTrump

After a long night of talks mediated by the United States, I am pleased to announce that India and Pakistan have agreed to a FULL AND IMMEDIATE CEASEFIRE. Congratulations to both Countries on using Common Sense and Great Intelligence. Thank you for your attention to this matter!



**ਨਵੀਂ ਦਿੱਲੀ, 10 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਪਾਕਿਸਤਾਨ ਤਣਾਅ ਵਿਚਾਲੇ ਇਸ ਵੇਲੇ ਦੀ ਵੱਡੀ ਖਬਰ ਸਾਹਮਣੇ ਆ ਰਹੀ ਹੈ। ਭਾਰਤ ਪਾਕਿਸਤਾਨ ਵਿਚਾਲੇ ਸੀਜ਼ਫਾਇਰ ਹੋਣ ਵਾਲਾ ਹੈ। ਇਸ ਦਾ ਦਾਅਵਾ ਅਮਰੀਕੀ ਰਾਸ਼ਟਰਪਤੀ ਵੱਲੋਂ ਕੀਤਾ ਜਾ ਰਿਹਾ ਹੈ। ਇਕ ਪੋਸਟ ਵਿਚ ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਸੰਯੁਕਤ ਰਾਜ ਅਮਰੀਕਾ ਦੁਆਰਾ ਵਿਚੋਲਗੀ ਦੀ ਇੱਕ ਲੰਮੀ ਰਾਤ ਦੀ ਗੱਲਬਾਤ ਤੋਂ ਬਾਅਦ, ਮੈਨੂੰ ਇਹ ਐਲਾਨ ਕਰਦੇ ਹੋਏ ਖੁਸ਼ੀ ਹੋ ਰਹੀ ਹੈ ਕਿ ਭਾਰਤ ਅਤੇ ਪਾਕਿਸਤਾਨ ਇੱਕ ਪੂਰਨ ਅਤੇ ਤੁਰੰਤ ਜੰਗਬੰਦੀ ਲਈ ਸਹਿਮਤ ਹੋ ਗਏ ਹਨ। ਕਾਮਨ ਸੈਂਸ ਅਤੇ ਮਹਾਨ ਬੁੱਧੀ ਦੀ ਵਰਤੋਂ ਕਰਨ ਲਈ ਦੋਵਾਂ ਦੇਸ਼ਾਂ ਨੂੰ ਵਧਾਈਆਂ। ਇਸ ਮਾਮਲੇ ਵੱਲ ਤੁਹਾਡਾ ਧਿਆਨ ਦੇਣ ਲਈ ਤੁਹਾਡਾ ਧੰਨਵਾਦ! ਟਰੰਪ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਦੇ ਦਖਲ ਕਾਰਨ ਭਾਰਤ ਅਤੇ ਪਾਕਿਸਤਾਨ ਜੰਗਬੰਦੀ ਲਈ ਸਹਿਮਤ ਹੋਏ ਹਨ।

ਅੱਜ ਆਪ੍ਰੇਸ਼ਨ ਸਿੰਦੂਰ ਸੰਬੰਧੀ ਇੱਕ ਪ੍ਰੈਸ ਬ੍ਰੀਫਿੰਗ ਕੀਤੀ ਗਈ। ਇਸ ਵਿੱਚ ਇੱਕ ਵੱਡਾ ਐਲਾਨ ਕੀਤਾ ਗਿਆ ਹੈ। ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ ਦਾ ਐਲਾਨ ਹੋ ਗਿਆ ਹੈ। ਦੋਵਾਂ ਡੀਜੀਐਮਓਜ਼ ਵਿਚਕਾਰ 12 ਮਈ ਨੂੰ ਦੁਪਹਿਰ 12 ਵਜੇ ਚਰਚਾ ਹੋਵੇਗੀ। ਪਾਕਿ ਡੀਜੀਐਮਓ ਵੱਲੋਂ 3:30 ਵਜੇ ਦਾ ਫੋਨ 'ਤੇ ਗੱਲਬਾਤ ਕੀਤੀ ਗਈ ਸੀ ਜਿਸ ਤੋਂ ਬਾਅਦ ਦੋਵੇਂ ਧਿਰਾਂ ਅੱਜ ਸ਼ਾਮ 5 ਵਜੇ ਤੋਂ ਜ਼ਮੀਨ, ਹਵਾ ਅਤੇ ਸਮੁੰਦਰ 'ਤੇ ਸਾਰੀ ਗੋਲੀਬਾਰੀ ਅਤੇ ਫੌਜੀ ਕਾਰਵਾਈ ਬੰਦ ਕਰ ਦਿੱਤੀ ਹੈ । ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਇਹ ਐਲਾਨ ਕਰਦੇ ਹੋਏ ਕਿਹਾ। ਭਾਰਤ ਅਤੇ ਪਾਕਿਸਤਾਨ ਵਿਚਕਾਰ ਜੰਗਬੰਦੀ। ਇਹ ਅੱਜ ਸ਼ਾਮ 5 ਵਜੇ ਤੋਂ ਲਾਗੂ ਹੋਵੇਗਾ। ਪਾਕਿਸਤਾਨ ਦੇ ਡੀਜੀਐਮਓ ਨੇ ਅੱਜ ਭਾਰਤੀ ਡੀਜੀਐਮਓ ਨੂੰ ਫ਼ੋਨ ਕੀਤਾ। ਦੋਵੇਂ ਡੀਜੀਐਮਓ 12 ਤਰੀਕ ਨੂੰ ਦੁਪਹਿਰ 12:00 ਵਜੇ ਚਰਚਾ ਕਰਨਗੇ।

## ਪਾਕਿਸਤਾਨ ਵੱਲੋਂ ਸੀਜ਼ਫਾਇਰ ਦਾ ਉਲੰਘਣ, ਸ੍ਰੀਨਗਰ ਸਮੇਤ ਕਈ ਥਾਵਾਂ 'ਤੇ ਧਮਾਕੇ

ਪਾਕਿਸਤਾਨ ਨੇ ਇੱਕ ਵਾਰ ਫਿਰ ਸਰਹੱਦ 'ਤੇ ਜੰਗਬੰਦੀ ਦੀ ਉਲੰਘਣਾ ਕੀਤੀ ਹੈ। ਤੁਹਾਨੂੰ ਦੱਸ ਦੇਈਏ ਕਿ ਅੱਜ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਵਿਚਕਾਰ ਵਿਚੋਲੇ ਦੀ ਭੂਮਿਕਾ ਨਿਭਾਉਂਦੇ ਹੋਏ ਦੋਵਾਂ ਦੇਸ਼ਾਂ ਵਿਚਾਲੇ ਜੰਗਬੰਦੀ ਸਮਝੌਤੇ ਬਾਰੇ ਟਵੀਟ ਕੀਤਾ ਸੀ। ਜਿਸ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਨੇ ਵੀ ਇਸ ਜੰਗਬੰਦੀ ਦੀ ਪੁਸ਼ਟੀ ਕੀਤੀ। ਸੂਤਰਾਂ ਅਨੁਸਾਰ, ਪਾਕਿਸਤਾਨੀ ਫੌਜ ਨੇ ਕੰਟਰੋਲ ਰੇਖਾ ਦੇ ਪਾਰ ਨੌਸ਼ਹਿਰਾ, ਸੁੰਦਰਬਨੀ ਅਤੇ ਅਖਨੂਰ ਸੈਕਟਰਾਂ ਵਿੱਚ ਗੋਲੀਬਾਰੀ ਕੀਤੀ, ਜਿਸਦਾ ਭਾਰਤੀ ਫੌਜੀਆਂ ਨੇ ਤੁਰੰਤ ਅਤੇ ਢੁਕਵਾਂ ਜਵਾਬ ਦਿੱਤਾ। ਇਸ ਵੇਲੇ ਦੀ ਵੱਡੀ ਖਬਰ ਸਾਹਮਣੇ ਆ ਰਹੀ ਹੈ। ਇਕ ਪਾਸੇ ਪਾਕਿਸਤਾਨੀ ਫੌਜ ਵੱਲੋਂ ਜਿਥੇ ਸੀਜ਼ਫਾਇਰ ਦਾ ਉਲੰਘਣ ਕੀਤਾ ਗਿਆ ਹੈ ਉਥੇ ਹੀ ਖਬਰ ਸਾਹਾਣੇ ਆ ਰਹੀ ਹੈ ਕਿ ਪਠਾਨਕੋਟ, ਫਿਰੋਜ਼ਪੁਰ ਤੇ ਫਾਜ਼ਿਲਕਾ ਵਿਚ ਬਲੈਕਆਊਟ ਹੋ ਗਿਆ ਹੈ। ਇਸ ਦੌਰਾਨ ਇਹ ਵੀ ਖਬਰ ਆ ਰਹੀ ਹੈ ਕਿ ਪਠਾਨਕੋਟ ਤੇ ਫਾਜ਼ਿਲਕਾ ਵਿਚ ਮੁੜ ਤੋਂ ਡਰੋਨ ਦੇਖੇ ਗਏ ਹਨ। ਆਪ੍ਰੇਸ਼ਨ ਸਿੰਦੂਰ ਤਹਿਤ ਭਾਰਤ ਦੇ ਤੇਜ਼ ਹਮਲਿਆਂ ਕਾਰਨ ਪਿੱਛੇ ਹਟਣ ਵਾਲੇ ਪਾਕਿਸਤਾਨ ਨੇ ਜੰਗਬੰਦੀ ਦੇ ਐਲਾਨ ਤੋਂ ਬਾਅਦ ਇੱਕ ਵਾਰ ਫਿਰ ਆਪਣੀਆਂ ਨਾਪਾਕ ਹਰਕਤਾਂ ਦਾ ਸਹਾਰਾ ਲਿਆ ਹੈ। ਪਾਕਿਸਤਾਨ ਨੇ ਇੱਕ ਵਾਰ ਫਿਰ ਸਰਹੱਦੀ ਰੇਖਾ ਨਾਲ ਲੱਗਦੇ ਇਲਾਕਿਆਂ ਵਿੱਚ ਗੋਲੀਬਾਰੀ ਸ਼ੁਰੂ ਕਰ ਦਿੱਤੀ ਹੈ। ਇਸ ਤੋਂ ਇਲਾਵਾ ਊਧਮਪੁਰ ਵਿੱਚ ਧਮਾਕੇ ਦੀ ਆਵਾਜ਼ ਸੁਣਾਈ ਦਿੱਤੀ। ਸ਼ੁਰੂਆਤੀ ਜਾਣਕਾਰੀ ਅਨੁਸਾਰ ਬਾਰਾਮੂਲਾ ਅਤੇ ਚੰਬ ਵਿੱਚ ਭਾਰੀ ਗੋਲੀਬਾਰੀ ਚੱਲ ਰਹੀ ਹੈ। ਜਦੋਂ ਕਿ ਰਾਜੌਰੀ ਵਿੱਚ ਪੂਰੀ ਤਰ੍ਹਾਂ ਬਲੈਕਆਊਟ ਹੈ। ਕਾਨਾਚਕ ਸੈਕਟਰ ਤੋਂ ਮਢ ਵਿੱਚ ਅਸਮਾਨ ਵਿੱਚ ਤਿੰਨ ਡਰੋਨ ਦੇਖੇ ਗਏ ਹਨ। ਭਾਰਤੀ ਫੌਜ ਪਾਕਿਸਤਾਨ ਦੀ ਇਸ ਹਿਮਾਕਤ ਦਾ ਮੂੰਹਤੋੜ ਜਵਾਬ ਦੇ ਰਹੇ ਹਨ।




## ਭਾਰਤ ਨੇ ਚੀਨ 'ਤੇ ਕੱਸਿਆ ਸ਼ਿਕੰਜਾ, ਸੋਲਰ ਗਲਾਸ 'ਤੇ ਲਗਾਈ 5 ਸਾਲਾਂ ਲਈ ਐਂਟੀ-ਡੰਪਿੰਗ ਡਿਊਟੀ

**ਨਵੀਂ ਦਿੱਲੀ, 10 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਨੇ ਘਰੇਲੂ ਸੋਲਰ ਗਲਾਸ ਉਦਯੋਗ ਨੂੰ ਸਸਤੇ ਆਯਾਤ ਤੋਂ ਬਚਾਉਣ ਲਈ ਇੱਕ ਵੱਡਾ ਕਦਮ ਚੁੱਕਿਆ ਹੈ। ਕੇਂਦਰ ਸਰਕਾਰ ਨੇ ਚੀਨ ਅਤੇ ਵੀਅਤਨਾਮ ਤੋਂ ਆਯਾਤ ਕੀਤੇ ਜਾਣ ਵਾਲੇ ਕੁਝ ਖਾਸ ਕਿਸਮਾਂ ਦੇ ਸੋਲਰ ਗਲਾਸ 'ਤੇ ਪ੍ਰਤੀ ਟਨ 664 ਡਾਲਰ ਤੱਕ ਦੀ ਐਂਟੀ-ਡੰਪਿੰਗ ਡਿਊਟੀ ਲਗਾਉਣ ਦਾ ਫੈਸਲਾ ਕੀਤਾ ਹੈ। ਇਹ ਫੀਸ ਅਗਲੇ 5 ਸਾਲਾਂ ਲਈ ਲਾਗੂ ਰਹੇਗੀ। ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ ਕਿ ਇਹ ਕਦਮ ਭਾਰਤੀ ਨਿਰਮਾਤਾਵਾਂ ਨੂੰ ਅਨੁਚਿਤ ਕੀਮਤਾਂ 'ਤੇ ਆਯਾਤ ਤੋਂ ਬਚਾਉਣ ਦੇ ਉਦੇਸ਼ ਨਾਲ ਚੁੱਕਿਆ ਗਿਆ ਹੈ। ਇਸ ਫੈਸਲੇ ਦਾ ਸਿੱਧਾ ਅਸਰ ਬਾਜ਼ਾਰ 'ਤੇ ਦੇਖਣ ਨੂੰ ਮਿਲਿਆ। ਸੋਲਰ ਗਲਾਸ ਨਿਰਮਾਤਾ ਬੋਰੋਸਿਲ ਰੀਨਿਊਏਬਲਜ਼ ਲਿਮਟਿਡ ਦੇ ਸ਼ੇਅਰਾਂ ਵਿੱਚ ਸ਼ੁੱਕਰਵਾਰ ਨੂੰ ਤੇਜ਼ੀ ਨਾਲ ਵਾਧਾ ਦੇਖਣ ਨੂੰ ਮਿਲਿਆ। ਕੰਪਨੀ ਦਾ ਸਟਾਕ ਬੀਐਸਈ 'ਤੇ 10% ਵਧ ਕੇ 532.15 ਰੁਪਏ 'ਤੇ ਬੰਦ ਹੋਇਆ। ਬੋਰੋਸਿਲ ਰੀਨਿਊਏਬਲਜ਼, ਬੋਰੋਸਿਲ ਗਰੁੱਪ ਦੀ ਇੱਕ ਪ੍ਰਮੁੱਖ ਇਕਾਈ ਹੈ ਅਤੇ ਭਾਰਤ ਵਿੱਚ ਮੋਹਰੀ ਸੋਲਰ ਗਲਾਸ ਨਿਰਮਾਣ ਕੰਪਨੀਆਂ ਵਿੱਚੋਂ ਇੱਕ ਹੈ। ਇਹ ਕਦਮ ਭਾਰਤ ਸਰਕਾਰ ਦੀ 'ਮੇਕ ਇਨ ਇੰਡੀਆ' ਨੀਤੀ ਅਤੇ ਘਰੇਲੂ ਉਤਪਾਦਨ ਨੂੰ ਉਤਸ਼ਾਹਿਤ ਕਰਨ ਦੀ ਇਸਦੀ ਰਣਨੀਤੀ ਦੇ ਅਨੁਸਾਰ ਹੈ।

## ਲਸ਼ਕਰ ਦਾ ਟਾਪ ਕਮਾਂਡਰ ਅਬੂ ਜਿੰਦਲ, ਮਸੂਦ ਅਜ਼ਹਰ ਦਾ ਜੀਜਾ ਮੁਹੰਮਦ ਜਮੀਲ... ਭਾਰਤ ਦੇ ਹਵਾਈ ਹਮਲੇ ਵਿੱਚ ਮਾਰੇ ਗਏ ਅੱਤਵਾਦੀਆਂ ਦੀ ਸਾਹਮਣੇ ਆਈ ਸੂਚੀ



**ਨਵੀਂ ਦਿੱਲੀ, 10 ਮਈ (ਆਵਾਜ਼ਿ ਕੌਮ ਬਿਊਰੋ)**-6-7 ਮਈ ਦੀ ਵਿਚਕਾਰਲੀ ਰਾਤ ਨੂੰ, ਭਾਰਤੀ ਫੌਜ ਨੇ ਆਪ੍ਰੇਸ਼ਨ ਸਿੰਦੂਰ ਦੇ ਤਹਿਤ ਪਾਕਿਸਤਾਨ ਅਤੇ ਪੀਓਕੇ ਵਿੱਚ ਅੱਤਵਾਦੀ ਕੈਂਪਾਂ 'ਤੇ ਹਮਲਾ ਕੀਤਾ। ਇਸ ਹਮਲੇ ਵਿੱਚ 9 ਅੱਤਵਾਦੀ ਲਾਂਚ ਪੈਡਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ, ਜਿਸ ਵਿੱਚ ਭਾਰਤ ਸਰਕਾਰ ਨੇ 100 ਅੱਤਵਾਦੀਆਂ ਦੇ ਮਾਰੇ ਜਾਣ ਦੀ ਪੁਸ਼ਟੀ ਕੀਤੀ ਸੀ। ਇਸ ਸਬੰਧ ਵਿੱਚ, ਮਾਰੇ ਗਏ ਕਈ ਅੱਤਵਾਦੀਆਂ ਦੇ ਨਾਮ ਵੀ ਜਾਰੀ ਕੀਤੇ ਗਏ ਸਨ। ਇਸ ਸੂਚੀ ਵਿੱਚ ਲਸ਼ਕਰ ਦਾ ਚੋਟੀ ਦਾ ਕਮਾਂਡਰ ਅਬੂ ਜਿੰਦਲ, ਮਸੂਦ ਅਜ਼ਹਰ ਦਾ ਜੀਜਾ ਮੁਹੰਮਦ ਜਮੀਲ ਅਤੇ ਕਈ ਹੋਰ ਅੱਤਵਾਦੀ ਸ਼ਾਮਲ ਹਨ। ਮੁਦੱਸਰ ਖਾਦਿਆਨ ਉਰਫ ਅਬੂ ਜੁੰਦਾਲ: ਲਸ਼ਕਰ-ਏ-ਤੋਇਬਾ ਦਾ ਅੱਤਵਾਦੀ। ਉਹ ਮੁਰੀਦਕੇ ਵਿੱਚ ਮਰਕਜ਼ ਤਾਇਬਾ ਦਾ ਇੰਚਾਰਜ ਸੀ। ਇਹ 26 ਨਵੰਬਰ 2008 ਦੇ ਮੁੰਬਈ ਅੱਤਵਾਦੀ ਹਮਲੇ ਵਿੱਚ ਸ਼ਾਮਲ ਸੀ। ਪਾਕਿਸਤਾਨੀ ਫੌਜ ਨੇ ਉਸ ਦੇ ਅੰਤਿਮ ਸਸਕਾਰ 'ਤੇ ਉਨ੍ਹਾਂ ਨੂੰ ਗਾਰਡ ਆਫ਼ ਆਨਰ ਦਿੱਤਾ। ਹਾਫਿਜ਼ ਮੁਹੰਮਦ ਜਮੀਲ: ਜੈਸ਼-ਏ-ਮੁਹੰਮਦ ਦਾ ਇੱਕ ਵੱਡਾ ਅੱਤਵਾਦੀ। ਮੌਲਾਨਾ ਮਸੂਦ ਅਜ਼ਹਰ ਦਾ ਸਭ ਤੋਂ ਵੱਡਾ ਭਣੋਈਆ। ਬਹਾਵਲਪੁਰ ਵਿੱਚ ਮਰਕਜ਼ ਸੁਭਾਨ ਅੱਲ੍ਹਾ ਦਾ ਇੰਚਾਰਜ ਸੀ। ਨੌਜਵਾਨਾਂ ਨੂੰ ਕੱਟੜਪੰਥੀ ਬਣਾਉਣ ਅਤੇ ਫੰਡਿੰਗ ਕਰਨ ਵਿੱਚ ਸਰਗਰਮ ਸੀ। ਮੁਹੰਮਦ ਯੂਸਫ਼ ਅਜ਼ਹਰ: ਜੈਸ਼-ਏ-ਮੁਹੰਮਦ ਦਾ ਅੱਤਵਾਦੀ ਤੇ ਮਸੂਦ ਅਜ਼ਹਰ ਦਾ ਜੀਜਾ। ਅੱਤਵਾਦੀ ਸੰਗਠਨ ਵਿੱਚ ਹਥਿਆਰਾਂ ਦੀ ਸਿਖਲਾਈ ਦਾ ਇੰਚਾਰਜ। ਉਹ ਜੰਮੂ-ਕਸ਼ਮੀਰ ਵਿੱਚ ਕਈ ਅੱਤਵਾਦੀ ਹਮਲਿਆਂ ਵਿੱਚ ਸ਼ਾਮਲ ਸੀ ਤੇ 93-814 ਜਹਾਜ਼ ਹਾਈਜੈਕਿੰਗ ਯਾਨੀ ਕੰਧਾਰ ਹਾਈਜੈਕਿੰਗ ਦੀ ਸਾਜ਼ਿਸ਼ ਰਚਣ ਵਾਲਿਆਂ ਵਿੱਚ ਸ਼ਾਮਲ ਸੀ। ਖਾਲਿਦ ਉਰਫ਼ ਅਬੂ ਅਕਾਸ਼ਾ: ਲਸ਼ਕਰ-ਏ-ਤੋਇਬਾ ਦਾ ਅੱਤਵਾਦੀ। ਅਫਗਾਨਿਸਤਾਨ ਤੋਂ ਹਥਿਆਰਾਂ ਦੀ ਤਸਕਰੀ ਵਿੱਚ ਸ਼ਾਮਲ ਸੀ। ਜੰਮੂ-ਕਸ਼ਮੀਰ ਵਿੱਚ ਕਈ ਅੱਤਵਾਦੀ ਹਮਲਿਆਂ ਵਿੱਚ ਸ਼ਾਮਲ। ਅੰਤਿਮ ਸਸਕਾਰ ਫੈਸਲਾਬਾਦ ਵਿੱਚ ਹੋਇਆ। ਇਸ ਵਿੱਚ ਪਾਕਿਸਤਾਨੀ ਫੌਜ ਦੇ ਅਧਿਕਾਰੀਆਂ ਨੇ ਵੀ ਹਿੱਸਾ ਲਿਆ। **ਮੁਹੰਮਦ ਹਸਨ ਖਾਨ**: ਜੈਸ਼-ਏ-ਮੁਹੰਮਦ ਦਾ ਅੱਤਵਾਦੀ। ਪਿਤਾ: ਮੁਫਤੀ ਅਸਗਰ ਖਾਨ ਕਸ਼ਮੀਰੀ, ਪੀਓਕੇ ਵਿੱਚ ਜੈਸ਼-ਏ-ਮੁਹੰਮਦ ਦਾ ਸੰਚਾਲਨ ਕਮਾਂਡਰ। ਜੰਮੂ ਅਤੇ ਕਸ਼ਮੀਰ ਵਿੱਚ ਅੱਤਵਾਦੀ ਹਮਲਿਆਂ ਦੀ ਯੋਜਨਾ ਬਣਾਉਣ ਵਿੱਚ ਮੋ. ਹਸਨ ਦੀ ਮਹੱਤਵਪੂਰਨ ਭੂਮਿਕਾ ਸੀ।

## ਸ਼੍ਰੋਮਣੀ ਕਮੇਟੀ ਵੱਲੋਂ ਭਾਈ ਰਾਜੋਆਣਾ ਦੀ ਪਟੀਸ਼ਨ ਸਬੰਧੀ ਫੈਡਰੇਸ਼ਨਾਂ, ਵਿਦਵਾਨਾਂ ਤੇ ਜੁਝਾਰੂ ਜਥੇਬੰਦੀਆਂ ਨਾਲ ਵਿਸ਼ੇਸ਼ ਇਕੱਤਰਤਾ



ਮੁਕੰਮਲ ਖ਼ਬਰ ਪੰਨਾ 10 'ਤੇ

## ਪੰਜਾਬ ਵਿਚ ਬਲੈਕਆਊਟ ਖ਼ਤਮ, ਜ਼ਿਲ੍ਹਿਆਂ ਦੇ ਡੀ. ਸੀ. ਨੇ ਵਾਪਸ ਲਏ ਹੁਕਮ




**ਚੰਡੀਗੜ੍ਹ, 10 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਅਤੇ ਪਾਕਿਸਤਾਨ ਵਿਚਾਲੇ ਸੀਜ਼ਫਾਇਰ 'ਤੇ ਫੈਸਲਾ ਲੈਣ ਤੋਂ ਬਾਅਦ ਪੰਜਾਬ ਵਿਚ ਬਲੈਕ ਆਊਟ ਖ਼ਤਮ ਕਰ ਦਿੱਤਾ ਗਿਆ ਹੈ। ਇਸ ਸੰਬੰਧੀ ਸਾਰੇ ਜ਼ਿਲ੍ਹਿਆਂ ਦੇ ਡੀ. ਸੀਜ਼ ਵੱਲੋਂ ਸਾਰੀਆਂ ਪਾਬੰਦੀਆਂ ਹਟਾ ਦਿੱਤੀਆਂ ਗਈਆਂ ਹਨ। ਹੁਣ ਤਕ ਦੀ ਮਿਲੀ ਜਾਣਕਾਰੀ ਮੁਤਾਬਕ ਜਲੰਧਰ, ਰੋਪੜ, ਅੰਮ੍ਰਿਤਸਰ ਵਿਚ ਕਿਸੇ ਤਰ੍ਹਾਂ ਦਾ ਬਲੈਕ ਆਊਟ ਨਹੀਂ ਹੈ। ਇਨ੍ਹਾਂ ਜ਼ਿਲ੍ਹਿਆਂ ਦੇ ਡੀਸੀਜ਼ ਵੱਲੋਂ ਪਾਬੰਦੀਆਂ ਦੇ ਹੁਕਮ ਵਾਪਸ ਲੈ ਲਏ ਗਏ ਹਨ।

ਭਾਰਤ ਪਾਕਿਸਤਾਨ ਵਿਚਾਲੇ ਸੀਜ਼ਫਾਇਰ ਹੋ ਗਿਆ ਹੈ। ਇਸ ਦਾ ਦਾਅਵਾ ਸਭ ਤੋਂ ਪਹਿਲਾਂ ਅਮਰੀਕੀ ਰਾਸ਼ਟਰਪਤੀ ਵੱਲੋਂ ਕੀਤਾ ਤੇ ਇਸ ਤੋਂ ਬਾਅਦ ਭਾਰਤ ਦੇ ਵਿਦੇਸ਼ ਸਕੱਤਰ ਨੇ ਵੀ ਪ੍ਰੈੱਸ ਕਾਨਫਰੰਸ ਕਰ ਕੇ ਇਸ ਦੀ ਪੁਸ਼ਟੀ ਕਰ ਦਿੱਤੀ ਹੈ। ਦੱਸ ਦਈਏ ਕਿ ਟਰੁੱਥ ਉੱਤੇ ਪਾਈ ਇਕ ਪੋਸਟ ਵਿਚ ਅਮਰੀਕੀ ਰਾਸ਼ਟਰਪਤੀ ਨੇ ਕਿਹਾ ਕਿ ਸੰਯੁਕਤ ਰਾਜ ਅਮਰੀਕਾ ਦੁਆਰਾ ਵਿਚੋਲਗੀ ਦੀ ਇਕ ਲੰਮੀ ਰਾਤ ਦੀ ਗੱਲਬਾਤ ਤੋਂ ਬਾਅਦ ਮੈਨੂੰ ਇਹ ਐਲਾਨ ਕਰਦੇ ਹੋਏ ਖ਼ੁਸ਼ੀ ਹੋ ਰਹੀ ਹੈ ਕਿ ਭਾਰਤ ਅਤੇ ਪਾਕਿਸਤਾਨ ਇਕ ਪੂਰਨ ਅਤੇ ਤੁਰੰਤ ਜੰਗਬੰਦੀ ਲਈ ਸਹਿਮਤ ਹੋ ਗਏ ਹਨ। ਕਾਮਨ ਸੈਂਸ ਅਤੇ ਮਹਾਨ ਬੁੱਧੀ ਦੀ ਵਰਤੋਂ ਕਰਨ ਲਈ ਦੋਵਾਂ ਦੇਸ਼ਾਂ ਨੂੰ ਵਧਾਈਆਂ। ਇਸ ਮਾਮਲੇ ਵੱਲ ਤੁਹਾਡਾ ਧਿਆਨ ਦੇਣ ਲਈ ਤੁਹਾਡਾ ਧੰਨਵਾਦ!




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ



## 1 ਮਈ ਤੋਂ 31 ਮਈ 2025 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | | |
|---|---|---|---|---|
| 1 ਮਈ ਵੀਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ | 2 ਮਈ ਸ਼ੁੱਕਰਵਾਰ — ਜੱਫਰਵਾਲ — ਸ਼ਾਮ 6 ਤੋਂ 8 ਵਜੇ ਤੱਕ | 3 ਮਈ ਸ਼ਨੀਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ — ਸ਼ਾਮ 6 ਤੋਂ 8 ਵਜੇ ਤੱਕ | 4 ਮਈ ਐਤਵਾਰ — ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ — ਸ਼ਾਮ 6 ਤੋਂ 8 ਵਜੇ ਤੱਕ | 5 ਮਈ ਸੋਮਵਾਰ — ਸੱਦਾਰੰਗ — ਸ਼ਾਮ 6 ਤੋਂ 8 ਵਜੇ ਤੱਕ |
| 6 ਮਈ ਮੰਗਲਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ | 7 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ | 8 ਮਈ ਵੀਰਵਾਰ — ਬਾਬੋਵਾਲ — ਸ਼ਾਮ 6 ਤੋਂ 8 ਵਜੇ ਤੱਕ | 9 ਮਈ ਸ਼ੁੱਕਰਵਾਰ — ਭਲਾਈਪੁਰ ਪੁਰਬਾ — ਸ਼ਾਮ 6 ਤੋਂ 8 ਵਜੇ ਤੱਕ | 10 ਮਈ ਸ਼ਨੀਵਾਰ — ਗੁ: ਕੰਧ ਸਾਹਿਬ ਬਟਾਲਾ — ਸ਼ਾਮ 6 ਤੋਂ 8 ਵਜੇ ਤੱਕ |
| 11 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ | 12 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ | 13 ਮਈ ਮੰਗਲਵਾਰ — ਸੂਸਾ — ਸ਼ਾਮ 6 ਤੋਂ 8 ਵਜੇ ਤੱਕ | 14 ਮਈ ਬੁੱਧਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ | 15 ਮਈ ਵੀਰਵਾਰ — ਚੌਣੇ — ਸ਼ਾਮ 6 ਤੋਂ 8 ਵਜੇ ਤੱਕ |
| 16 ਮਈ ਸ਼ੁੱਕਰਵਾਰ — ਨਵਾਂ ਪਿੰਡ — ਸ਼ਾਮ 6 ਤੋਂ 8 ਵਜੇ ਤੱਕ | 17 ਮਈ ਸ਼ਨੀਵਾਰ — ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ | 18 ਮਈ ਐਤਵਾਰ — ਧਰਮੂਚੱਕ — ਸ਼ਾਮ 6 ਤੋਂ 8 ਵਜੇ ਤੱਕ | 19 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ | 20 ਮਈ ਮੰਗਲਵਾਰ — ਉੱਦੋ ਨੰਗਲ ਖੁਰਦ — ਸ਼ਾਮ 6 ਤੋਂ 8 ਵਜੇ ਤੱਕ |
| 21 ਮਈ ਬੁੱਧਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ | 22 ਮਈ ਵੀਰਵਾਰ — ਢਪਈਆ — ਸ਼ਾਮ 6 ਤੋਂ 8 ਵਜੇ ਤੱਕ | 23 ਮਈ ਸ਼ੁੱਕਰਵਾਰ — ਵੀਲਾ/ਮੀਕੇ — ਸ਼ਾਮ 6 ਤੋਂ 8 ਵਜੇ ਤੱਕ | 24 ਮਈ ਸ਼ਨੀਵਾਰ — ਬੁਤਾਲਾ — ਸ਼ਾਮ 6 ਤੋਂ 8 ਵਜੇ ਤੱਕ | 25 ਮਈ ਐਤਵਾਰ — ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ, ਚੌਧਰੀਵਾਲ ਸ਼ਾਮ 7 ਤੋਂ 9 ਵਜੇ ਤੱਕ |
| 26 ਮਈ ਸੋਮਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ | 27 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ | 28 ਮਈ ਬੁੱਧਵਾਰ — ਗੁ: ਰਾਮ ਥੰਮਣ ਸਾਹਿਬ ਮਨੇਸ਼ — ਸ਼ਾਮ 6 ਤੋਂ 8 ਵਜੇ ਤੱਕ | 29 ਮਈ ਵੀਰਵਾਰ — ਮੈਹਣੀਆ ਕੁਹਾਰਾ — ਸ਼ਾਮ 6 ਤੋਂ 8 ਵਜੇ ਤੱਕ | 30 ਮਈ ਸ਼ੁੱਕਰਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ |
| 31 ਮਈ ਸ਼ਨੀਵਾਰ — ਚਾਟੀਵਿੰਡ — ਸ਼ਾਮ 6 ਤੋਂ 8 ਵਜੇ ਤੱਕ | | | | |

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 95171-76191, 84376-91626**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ

ਅਵਤਾਰ ਪੁਰਬ : ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ



☛ ਸਾਲਾਨਾ ਬਰਸੀਂ : ਬਾਬਾ ਬੀਰ ਸਿੰਘ ਨੌਰੰਗਾਬਾਦ ਪਿੰਡ ਗੱਗੋਬੂਹਾ ( ਅੰਮ੍ਰਿਤਸਰ ) ☛ ਸ਼ਹੀਦ ਬਾਬਾ ਬੰਦਾ ਸਿੰਘ ਜੀ ਬਹਾਦਰ ਵੱਲੋਂ ਸਰਹਿੰਦ ਫ਼ਤਹਿ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

**10 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।**

11 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਭਾਈ ਸੁਖਬੀਰ ਸਿੰਘ ਰਾਣੀਪੁਰ ਕਥਾ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ੴ ਸਤਿਗੁਰੂ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ ਭੁਝੰਗੀਆਂ

ਛੋਟਾ ਘੱਲੂਘਾਰਾ ਕਹਾਨੂੰਵਾਨ ਗੁਰਦਾਸਪੁਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।

17 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ।

18 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ਸ਼ੇਅਰ ਜ਼ਰੂਰੀ ਕਰਨਾ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸ਼੍ਰੋਮਣੀ ਕਮੇਟੀ ਵੱਲੋਂ ਭਾਈ ਰਾਜੋਆਣਾ ਦੀ ਪਟੀਸ਼ਨ ਸਬੰਧੀ ਫੈਡਰੇਸ਼ਨਾਂ, ਵਿਦਵਾਨਾਂ ਤੇ ਜੁਝਾਰੂ ਜਥੇਬੰਦੀਆਂ ਨਾਲ ਵਿਸ਼ੇਸ਼ ਇਕੱਤਰਤਾ

# ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਸਲੇ ਸਬੰਧੀ ਨੁਮਾਇੰਦਾ ਇਕੱਠ 'ਚ ਲਿਆ ਜਾਵੇਗਾ ਇਤਿਹਾਸਕ ਫ਼ੈਸਲਾ : ਐਡਵੋਕੇਟ ਧਾਮੀ



ਪਟਿਆਲਾ 10 ਮਈ (ਆਵਾਜ਼ਿ ਕੌਮ ਬਿਊਰੋ)-ਕੇਂਦਰੀ ਜੇਲ੍ਹ ਪਟਿਆਲਾ 'ਚ ਨਜ਼ਰਬੰਦੀ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿਚ ਤਬਦੀਲ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਪਾਈ ਗਈ ਮਰਸੀ ਪਟੀਸ਼ਨ 'ਤੇ ਜਲਦੀ ਨੁਮਾਇੰਦਾ ਇਕੱਠ ਸਦਕੇ ਇਤਿਹਾਸਕ ਫ਼ੈਸਲਾ ਕੀਤਾ ਜਾਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਯੋਗ ਅਗਵਾਈ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਰੱਖੀ ਸਿੱਖ ਸਟੂਡੈਂਟਸ ਫੈਡਰੇਸ਼ਨਾਂ, ਸਿੱਖ ਵਿਦਵਾਨਾਂ ਤੇ ਜੁਝਾਰੂ ਜਥੇਬੰਦੀਆਂ ਨਾਲ ਵਿਸ਼ੇਸ਼ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਸੱਦੀ ਇਕੱਤਰਤਾ ਵਿਚ ਸਿੱਖ ਨੁਮਾਇੰਦਿਆਂ ਅਤੇ ਪੰਥਕ ਵਿਦਵਾਨਾਂ ਨੇ ਆਪੋ ਆਪਣੇ ਪੱਖ ਅਤੇ ਸੁਝਾਅ ਦਿੰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਵੱਲੋਂ ਪਾਈ ਮਰਸੀ ਪਟੀਸ਼ਨ ਵਾਪਸ ਨਾ ਲਵੇ, ਜਦਕਿ ਦੂਜੇ ਪਾਸੇ ਕੁਝ ਦਾ ਮੰਨਣਾ ਸੀ ਕਿ ਇਤਿਹਾਸ ਅੰਦਰ ਸ਼ਹਾਦਤ ਦਾ ਫ਼ਲਸਫ਼ਾ ਅਤੇ ਕੌਮ ਦੀ ਸਿਧਾਂਤਕ ਵਿਰਾਸਤ ਨੂੰ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਇਸ ਦੌਰਾਨ ਇਹ ਪੱਖ ਵੀ ਸਾਹਮਣੇ ਆਇਆ ਕਿ ਜੇ ਸ਼੍ਰੋਮਣੀ ਕਮੇਟੀ ਮਰਸੀ ਪਟੀਸ਼ਨ ਵਾਪਸ ਲੈਣ 'ਤੇ ਵਿਚਾਰ ਕਰਦੀ ਹੈ ਤਾਂ ਇਸ ਨਾਲ ਸਿੱਖਾਂ ਦੀ ਸਿਰਮੌਰ ਸੰਸਥਾ ਦੀ ਭੂਮਿਕਾ ਪ੍ਰਤੀ ਵੀ ਖ਼ਦਸ਼ੇ ਖੜੇ ਹੋ ਸਕਦੇ ਹਨ ਇਸ ਲਈ ਨੁਮਾਇੰਦਾ ਅਤੇ ਪੰਥਕ ਇਕੱਠ ਰੱਖਣ ਦੀ ਦਿਸ਼ਾ ਵੱਲ ਵੱਧ ਕਿ ਹੀ ਕੋਈ ਨਿਰਨਾਇਕ ਫ਼ੈਸਲਾ ਲੈਣਾ ਹੋਵੇਗਾ। ਮੀਟਿੰਗ



ਦੌਰਾਨ ਦੀਰਘ ਵਿਚਾਰਾਂ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਈ ਰਾਜੋਆਣਾ ਦੀ ਸਜ਼ਾ ਨੂੰ ਉਮਰ ਕੈਦ ਵਿਚ ਤਬਦੀਲ ਕਰਨ ਲਈ ਜਿੱਥੇ ਕਾਨੂੰਨੀ ਲੜਾਈ ਜਾਰੀ ਹੈ, ਉੱਥੇ ਭਾਈ ਰਾਜੋਆਣਾ ਨਾਲ ਕੀਤੀਆਂ ਮੁਲਾਕਾਤਾਂ ਦੌਰਾਨ ਸਾਹਮਣੇ ਆਈਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ ਇਸ ਕਰਕੇ ਅੱਜ ਸਮੇਂ ਦੀ ਵੱਡੀ ਲੋੜ ਹੈ ਕਿ ਗੱਲਬਾਤ ਦੇ ਇਸ ਪੜਾਅ ਨੂੰ ਜਿੱਥੇ ਅੱਗੇ ਵਧਾਇਆ ਜਾਵੇਗਾ ਅਤੇ ਨੁਮਾਇੰਦਾ ਪੰਥਕ ਇਕੱਠ ਸਦਕੇ ਇਤਿਹਾਸਕ ਫ਼ੈਸਲਾ ਲੈ ਲਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਨੁਮਾਇੰਦਾ ਇਕੱਠ ਤੋਂ ਪਹਿਲਾਂ ਸਿੱਖ ਜੱਜਾਂ ਅਤੇ ਵਕੀਲਾਂ ਦੀ ਮੀਟਿੰਗ ਸਦਕੇ ਵੀ ਰਾਏ ਮਸ਼ਵਰਾ ਕੀਤਾ ਜਾਵੇਗਾ ਤਾਂ ਜੋ ਸੱਦੇ ਜਾਣ ਵਾਲੇ ਨੁਮਾਇੰਦਾ ਇਕੱਠ ਵਿਚ ਹਰ ਪੱਖ 'ਤੇ ਵਿਚਾਰ ਕੀਤਾ ਜਾ ਸਕੇ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਭਾਰਤ ਸਰਕਾਰ ਦੇ ਨਕਾਰਾਤਮਿਕ ਪੱਖ ਨੇ ਸਪਸ਼ਟ ਕੀਤਾ ਹੈ ਕਿ ਭਾਈ ਰਾਜੋਆਣਾ ਦੇ ਮਸਲੇ ਪ੍ਰਤੀ ਸਰਕਾਰ ਕੀ ਮਨਸੂਬਾ ਰੱਖਦੀ ਹੈ, ਜਦਕਿ ਇਸ ਮਸਲੇ ਪ੍ਰਤੀ ਸੰਜੀਦਾ ਤੌਰ ਅਤੇ ਤਵੱਜੋ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਸਜ਼ਾਵਾਂ ਪੂਰੀ ਕਰ ਚੁੱਕੇ ਜੇਲ੍ਹਾਂ ਵਿਚ ਨਜ਼ਰਬੰਦ ਬੰਦੀ ਸਿੱਖਾਂ ਪ੍ਰਤੀ ਵੀ ਸਰਕਾਰ ਨੂੰ ਆਪਣਾ ਰਾਜਸੀ ਨਜ਼ਰੀਆ ਨਹੀਂ ਅਪਣਾਉਣਾ ਚਾਹੀਦਾ ਇਸ ਤਰ੍ਹਾਂ ਕਰਨ ਨਾਲ ਸਪਸ਼ਟ ਹੋ ਰਿਹਾ ਹੈ ਕਿ ਮਾਨਵੀ ਅਧਿਕਾਰਾਂ ਨੂੰ ਕੁਚਲਿਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਜੱਦੋ ਜਹਿਦ ਦੌਰਾਨ ਮਹਿਸੂਸ ਹੋਣ ਲੱਗ ਪਿਆ ਹੈ ਕਿ ਸਰਕਾਰ ਬਹੁਗਿਣਤੀ ਲੋਕਾਂ ਦੀਆਂ ਵੋਟਾਂ ਖ਼ਾਤਰ ਘੱਟ ਗਿਣਤੀ ਵਰਗ ਵਿਰੁੱਧ ਭੁਗਤ ਰਹੀ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੰਦਿਆਂ ਹੈ ਕਿ ਕੇਂਦਰ ਸਰਕਾਰ ਨੂੰ ਭਾਈ ਰਾਜੋਆਣਾ ਦੇ ਮਸਲੇ ਪ੍ਰਤੀ ਰਾਜਨੀਤੀ ਨਾ ਕਰੇ ਅਜਿਹਾ ਦੇਸ਼ ਦੇ ਹਿਤ ਨਹੀਂ ਹੈ ਕਿ ਅਤੇ ਸੰਵਿਧਾਨ ਦੇ ਉਲਟ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਦੱਸਿਆ ਕਿ ਜਿੱਥੇ ਵੱਖ ਵੱਖ ਨੁਮਾਇੰਦਿਆਂ ਨੇ ਸ਼ਾਮਲ ਹੋ ਕੇ ਆਪਣੀ ਰਾਏ ਦਿੱਤੀ ਹੈ ਕਿ ਉੱਥੇ ਹੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਸਿੱਖ ਆਗੂ ਭਾਈ ਦਲਜੀਤ ਸਿੰਘ ਬਿੱਟੂ ਅਤੇ ਕੁਝ ਸਿੱਖ ਵਿਦਵਾਨਾਂ ਨੇ ਆਪਣੇ ਲਿਖਤੀ ਸੁਝਾਅ ਵੀ ਭੇਜੇ ਹਨ। ਇਕੱਤਰਤਾ ਦੌਰਾਨ ਸਾਬਕਾ ਪ੍ਰਧਾਨ ਪ੍ਰੋ ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਸੁਰਜੀਤ ਸਿੰਘ ਗੜ੍ਹੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਜਸਮੇਰ ਸਿੰਘ ਲਾਛੜੂ, ਸਿੱਖ ਵਿਦਵਾਨ ਡਾ. ਬਲਕਾਰ ਸਿੰਘ, ਡਾ ਕੇਹਰ ਸਿੰਘ, ਡਾ ਸਰਬਜਿੰਦਰ ਸਿੰਘ, ਡਾ ਪ੍ਰਿਤਪਾਲ ਸਿੰਘ, ਡਾ ਹਰਭਜਨ ਸਿੰਘ ਦੇਹਰਾਦੂਨ, ਡਾ ਪਰਮਵੀਰ ਸਿੰਘ, ਡਾ ਜਸਵਿੰਦਰ ਸਿੰਘ ਖੁਣਖੁਣ, ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਪ੍ਰੋ ਸੁਖਦੇਵ ਸਿੰਘ, ਸ. ਹਰਭਜਨ ਸਿੰਘ ਵਕਤਾ, ਦਲ ਖਾਲਸਾ ਦੇ ਪ੍ਰਧਾਨ ਸ. ਪਰਮਜੀਤ ਸਿੰਘ ਮੰਡ, ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਪ੍ਰਧਾਨ ਸ. ਅਮਰਬੀਰ ਸਿੰਘ ਢੋਟ, ਸਕੱਤਰ ਜਨਰਲ ਸ. ਲਖਵੀਰ ਸਿੰਘ ਸੇਖੋਂ, ਫੈਡਰੇਸ਼ਨ ਆਗੂ ਸ. ਕਰਨੈਲ ਸਿੰਘ ਪੀਰਮੁਹੰਮਦ, ਸ. ਮੇਜਰ ਸਿੰਘ ਇੰਟਰਨੈਸ਼ਨਲ ਸਿੱਖ ਸਟੂਡੈਂਟਸ ਫੈਡਰੇਸ਼ਨ, ਸ. ਪਰਮਿੰਦਰ ਸਿੰਘ ਢੀਂਗਰਾ, ਸ. ਤਲਵਿੰਦਰ ਸਿੰਘ ਬੁੱਟਰ, ਸ. ਰਾਜਪਾਲ ਸਿੰਘ ਮੀਰਾਂਕੋਟ, ਆਦਿ ਸ਼ਾਮਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

### ਅੱਜ 11 ਮਈ ਨੂੰ ਮਾਂ ਦਿਵਸ 'ਤੇ ਵਿਸ਼ੇਸ਼

# ਮਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ




ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਮਾਂ ਸੰਸਕ੍ਰਿਤ ਭਾਸ਼ਾ ਦਾ ਸ਼ਬਦ ਹੈ ਜਿਸ ਦੀ ਸੰਗਿਆ ਮਮਤਾ ਹੈ। ਮਾਂ ਦੇ ਦੁਆਰਾ ਹੀ ਸੰਤਾਨ ਦੀ ਉਤਪਤੀ ਹੁੰਦੀ ਹੈ।ਮਾਂ ਆਪ ਗਿੱਲੀ ਥਾਂ ਤੇ ਪੈ ਸਕਦੀ ਹੈ ਪਰ ਬੱਚਿਆਂ ਨੂੰ ਸੁੱਕੀ ਥਾਂ ਤੇ ਹੀ ਰੱਖਦੀ ਹੈ।ਮਾਂ ਆਪ ਭੁੱਖ ਬਰਦਾਸ਼ਤ ਕਰ ਸਕਦੀ ਹੈ ਪਰ ਬੱਚਿਆਂ ਨੂੰ ਭੁੱਖੇ ਦੇਖ ਨਹੀਂ ਸਕਦੀ। ਮਾਂ ਆਪ ਖਾਣ-ਪੀਣ ਤੋਂ ਪਹਿਲਾਂ ਬੱਚਿਆਂ ਨੂੰ ਖੁਆਉਂਦੀ ਹੈ।

ਇੱਕ ਵਾਰ ਕੋਈ ਰਾਜਾ ਜ਼ਿੱਦ ਕਰ ਰਿਹਾ ਸੀ ਕਿ ਮਾਂ ਮੈਂ ਤੇਰਾ ਕਰਜ਼ ਉਤਾਰਾਂਗਾ, ਜੋ ਤੁਸੀਂ ਕਹੋਗੇ, ਮੈਂ ਉਹੀ ਕਰਾਂਗਾ। ਮਾਂ ਨੇ ਕਿਹਾ, "ਬੇਟਾ ! ਤੂੰ ਨਹੀਂ ਉਤਾਰ ਸਕਦਾ। ਮਾਂ ਦੇ ਕਈ ਵਾਰ ਸਮਝਾਉਣ ਤੇ ਵੀ ਉਹ ਨਾ ਮੰਨਿਆ ਤੇ ਆਪਣੀ ਜ਼ਿੱਦ ਤੇ ਪੱਕਾ ਰਿਹਾ। ਅੰਤ ਵਿੱਚ ਮਾਂ ਨੇ ਕਿਹਾ, "ਬੇਟਾ ! ਤੂੰ ਆਪਣੇ ਪੇਟ ਤੇ ਕੁਝ ਭਾਰ ਬੰਨ੍ਹ ਕੇ ਨੌਂ ਘੰਟੇ ਖੜ੍ਹਾ ਹੀ ਰਹਿ।" ਬੇਟੇ ਨੇ ਕਿਹਾ, "ਮਾਂ ਤੂੰ ਮੈਨੂੰ ਨੌਂ ਘੰਟੇ ਖੜ੍ਹਾ ਰਹਿਣ ਲਈ ਕਿਹਾ ਹੈ, ਮੈਂ ਤਾਂ ਨੌਂ ਦਿਨ ਖੜ੍ਹਾ ਰਹਿ ਸਕਦਾ।" ਪਰ ਦੋ-ਤਿੰਨ ਘੰਟਿਆਂ ਬਾਅਦ ਹੀ ਉਹ ਥੱਕ ਗਿਆ। ਮਾਂ ਨੇ ਕਿਹਾ, "ਬਸ ਦੋ-ਤਿੰਨ ਘੰਟਿਆਂ ਵਿੱਚ ਹੀ ਥੱਕ ਗਿਆ ਏਂ। ਮੈਂ ਤੈਨੂੰ ਨੌਂ ਮਹੀਨੇ ਪੇਟ 'ਚ ਰੱਖਿਆ, ਦੱਸ ਤੂੰ ਮੇਰਾ ਕਰਜ਼ ਕਿਵੇਂ ਉਤਾਰ ਸਕਦਾ ਏਂ।"

ਰਾਜਾ ਫਿਰ ਵੀ ਨਾ ਮੰਨਿਆ ਤੇ ਉਸ ਨੇ ਮਾਂ ਨੂੰ ਕਿਹਾ, "ਮਾਂ ! ਮੈਨੂੰ ਇੱਕ ਮੌਕਾ ਹੋਰ ਦੇ ਦਿਓ ।" ਮਾਂ ਦੇ ਫਿਰ ਸਮਝਾਉਣ ਤੇ ਉਹ ਨਾ ਮੰਨਿਆ, ਅੰਤ ਮਾਂ ਨੇ ਕਿਹਾ, ਬੇਟਾ ! ਮੈਂ ਸਮਾਂ ਆਉਣ 'ਤੇ ਤੈਨੂੰ ਦੱਸਾਂਗੀ।" ਜਦੋਂ ਪੋਹ-ਮਾਘ (ਦਸੰਬਰ-ਜਨਵਰੀ) ਦਾ ਮਹੀਨਾ ਆਇਆ ਤਾਂ ਮਾਂ ਨੇ ਕਿਹਾ, "ਬੇਟਾ ! ਜੇ ਮੇਰਾ ਕਰਜ਼ ਉਤਾਰਨਾ ਹੈ ਤਾਂ ਤੂੰ ਅੱਜ ਮੇਰਾ ਮੰਜਾ ਡਾਹ (ਵਿਛਾ) ਕੇ ਪੈਣਾ।" ਜਦ ਬੇਟਾ ਗੂੜ੍ਹੀ ਨੀਂਦ ਸੌਂ ਗਿਆ ਤਾਂ ਮਾਂ ਨੇ ਠੰਡੇ ਪਾਣੀ ਦਾ ਗਲਾਸ ਉਸ ਦੇ ਬਿਸਤਰੇ 'ਤੇ ਡੋਲ੍ਹ ਦਿੱਤਾ। ਬੇਟਾ ਅੱਬੜਵਾਹੇ ਇਕਦਮ ਉੱਠ ਕੇ ਖੜ੍ਹਾ ਹੋ ਗਿਆ, ਮਾਂ ਕਹਿਣ ਲੱਗੀ, "ਬੇਟਾ ! ਸੌਂ ਜਾਹ ਉੱਠ ਕਿਉਂ ਗਿਆ ?" ਮਾਂ, ਮੈਂ ਗਿੱਲੇ ਬਿਸਤਰੇ 'ਤੇ ਕਿਵੇਂ ਸੌਂ ਸਕਦਾ ਹਾਂ ? ਮੈਨੂੰ ਤਾਂ ਨੀਂਦ ਨਹੀਂ ਆਉਂਦੀ। ਮਾਂ ਨੇ ਕਿਹਾ, "ਬੇਟਾ ! ਤੂੰ ਉਹ ਦਿਨ ਭੁੱਲ ਗਿਆ ਜਦੋਂ ਤੂੰ ਬਿਸਤਰਾ ਗਿੱਲਾ ਕਰਦਾ ਸੀ ਤੇ ਮੈਂ ਤੈਨੂੰ ਸੁੱਕੀ ਥਾਂ ਤੇ ਪਾਉਂਦੀ ਸੀ ਅਤੇ ਆਪ ਗਿੱਲੀ ਥਾਂ 'ਤੇ ਪੈਂਦੀ ਸੀ।" ਰਾਜਾ ਮਾਂ ਦੇ ਚਰਨਾਂ 'ਤੇ ਡਿੱਗ ਪਿਆ ਅਤੇ ਕਹਿਣ ਲੱਗਿਆ ਸੱਚਮੁੱਚ ਕੋਈ ਵੀ ਵਿਅਕਤੀ ਮਾਂ ਦਾ ਕਰਜ਼ਾ ਸਾਰੀ ਉਮਰ ਨਹੀਂ ਉਤਾਰ ਸਕਦਾ।

ਹਰ ਮਾਂ ਦੀ ਇਹ ਇੱਛਾ ਹੁੰਦੀ ਹੈ ਕਿ ਉਸ ਦੇ ਬੱਚੇ ਪੜ੍ਹ ਲਿਖ ਕੇ ਵੱਡੇ ਅਫਸਰ ਭਾਵ ਉੱਚੇ ਅਹੁਦੇ ਤੇ ਪਹੁੰਚਣ। ਮਾਂ ਕਿੰਨੀਆਂ ਮੁਸ਼ਕਲਾਂ ਵਿੱਚ ਆਪਣੇ ਬੱਚਿਆਂ ਨੂੰ ਪਾਲਦੀ-ਪੋਸਦੀ ਹੈ, ਇਹ ਸਿਰਫ਼ ਮਾਂ ਹੀ ਜਾਣਦੀ ਹੈ। ਮਾਂ ਦਾ ਕਰਜ਼ ਬੱਚੇ ਸਾਰੀ ਉਮਰ ਨਹੀਂ ਉਤਾਰ ਸਕਦੇ। ਇਹ ਵੀ ਕਿਹਾ ਜਾਂਦਾ ਹੈ ਕਿ ਮਾਂ ਦਾ ਕਰਜ਼ ਸੱਤ ਜਨਮਾਂ ਤੱਕ ਉਤਾਰਿਆ ਨਹੀਂ ਜਾ ਸਕਦਾ। ਫਿਰ ਵੀ ਪਤਾ ਨਹੀਂ ਕਿਉਂ ਮਾਂ ਜਿਸ ਨੇ ਬੱਚਿਆਂ ਦਾ ਹਰ ਦਰਦ ਆਪਣੇ ਸਰੀਰ ਤੇ ਝੱਲਿਆ, ਨੂੰ ਅੱਜ ਦੋ ਰੋਟੀਆਂ ਬਦਲੇ ਬਿਰਧ ਆਸ਼ਰਮ ਵਿੱਚ ਛੱਡ ਦਿੱਤਾ ਜਾਂਦਾ ਹੈ। ਮਾਂ ਜਿਸ ਨੇ ਪੋਤੇ-ਪੋਤੀਆਂ ਨਾਲ ਘਰ 'ਚ ਹੱਸ-ਖੇਡ ਕੇ, ਬੱਚਿਆਂ ਨਾਲ ਲਾਡ-ਪਿਆਰ ਕਰਕੇ ਖ਼ੁਸ਼ੀ-ਖ਼ੁਸ਼ੀ ਜੀਵਨ ਬਤੀਤ ਕਰਨਾ ਹੁੰਦਾ ਹੈ, ਉਹ ਬਿਰਧ ਆਸ਼ਰਮ 'ਚ ਇਕੱਲੀ ਰਹਿੰਦੀ ਹੈ ਤੇ ਆਪਣਾ ਦੁੱਖ ਵੀ ਕਿਸੇ ਨਾਲ ਸਾਂਝਾ ਨਹੀਂ ਕਰ ਸਕਦੀ। ਬੇਸ਼ੱਕ ਬਿਰਧ ਆਸ਼ਰਮ ਵਿੱਚ ਉਸ ਨੂੰ ਪੇਟ ਭਰਨ ਲਈ ਰੋਟੀ, ਪਹਿਨਣ ਲਈ ਕੱਪੜਾ, ਰਹਿਣ ਲਈ ਕਮਰਾ ਤੇ ਹੋਰ ਸੁੱਖ ਸਹੂਲਤਾਂ ਮਿਲ ਜਾਂਦੀਆਂ ਹਨ, ਪਰ ਜੋ ਸੁੱਖ ਮਾਂ ਨੂੰ ਬੱਚਿਆਂ ਵੱਲੋਂ ਬੋਲੇ ਬੋਲ 'ਦਾਦੀ', 'ਵੱਡੇ ਮੰਮੀ' ਸੁਣ ਕੇ ਮਿਲਦਾ ਹੈ, ਉਹ ਬਿਰਧ ਆਸ਼ਰਮਾਂ 'ਚ ਨਹੀਂ ਮਿਲਦਾ। ਪਹਿਲਾਂ ਦਾਦੀ ਮਾਂ ਆਪਣੇ ਪੋਤੇ-ਪੋਤੀਆਂ ਨੂੰ ਲਾਡ-ਪਿਆਰ ਕਰਦੀ, ਕਹਾਣੀਆਂ ਸੁਣਾਉਂਦੀ ਹੁੰਦੀ ਸੀ, ਪਰ ਅੱਜ ਬਜ਼ੁਰਗ ਮਾਂ ਨੂੰ ਬਹੁਤੇ ਘਰਾਂ 'ਚ ਦੁਰਕਾਰ ਦਿੱਤਾ ਜਾਂਦਾ ਹੈ।

ਮਾਂ ਦੀ ਸੇਵਾ ਸਭ ਤੋਂ ਉੱਤਮ ਸੇਵਾ ਹੈ। ਜੇਕਰ ਬੱਚਿਆਂ ਨੇ ਬਜ਼ੁਰਗ ਮਾਂ-ਬਾਪ ਦੀ ਸੇਵਾ ਕਰ ਲਈ ਤਾਂ ਉਹਨਾਂ ਨੂੰ ਕਿਸੇ ਵੀ ਧਰਮ ਅਸਥਾਨ 'ਤੇ ਯੱਗ ਜਾਂ ਪੁੰਨ ਕਰਨ ਦੀ ਲੋੜ ਨਹੀਂ। ਜੇਕਰ ਮਾਂ-ਬਾਪ ਦੀ ਸੇਵਾ ਨਹੀਂ ਕੀਤੀ ਤਾਂ ਜਿੰਨੇ ਮਰਜ਼ੀ ਦਾਨ ਪੁੰਨ ਕਰ ਲਉ, ਭੰਡਾਰੇ ਲਾ ਲਉ, ਉਹ ਸੇਵਾ ਪ੍ਰਵਾਨ ਨਹੀਂ ਹੁੰਦੀ। ਹਾਂ, ਅੱਜ-ਕੱਲ੍ਹ ਦੇ ਬੱਚੇ ਪੁਰਾਣੇ ਜ਼ਮਾਨੇ ਦੇ ਖ਼ਿਆਲਾਂ ਵਾਲੇ ਨਹੀਂ। ਇਸ ਲਈ ਬਜ਼ੁਰਗ ਮਾਂ-ਬਾਪ ਨੂੰ ਵੀ ਬੱਚਿਆਂ (ਨੂੰਹਾਂ-ਪੁੱਤਰਾਂ) ਨਾਲ ਪ੍ਰੇਮ-ਪਿਆਰ ਨਾਲ ਬੋਲਣਾ ਚਾਹੀਦਾ ਹੈ। ਕਿਉਂਕਿ ਨਿੱਕੀ-ਨਿੱਕੀ ਗੱਲ ਤੋਂ ਹੀ ਘਰ ਵਿੱਚ ਦਰਾੜ ਪੈ ਜਾਂਦੀ ਹੈ। ਜੇਕਰ ਮਾਂ-ਬਾਪ ਆਪਣੇ ਬੱਚਿਆਂ ਨਾਲ ਪ੍ਰੇਮ-ਪਿਆਰ ਨਾਲ ਵਰਤਾਓ ਕਰਨ ਤਾਂ ਕਦੇ ਕਿਸੇ ਮਾਂ-ਬਾਪ ਨੂੰ ਆਪਣਾ ਘਰ ਤਿਆਗ ਕੇ ਬਿਰਧ ਆਸ਼ਰਮ ਦਾ ਸਹਾਰਾ ਨਹੀਂ ਲੈਣਾ ਪਵੇਗਾ।

ਪੰਜਾਬ ਦੇ ਪ੍ਰਸਿੱਧ ਗੀਤਕਾਰ ਪਾਲੀ ਦੇਤਵਾਲੀਆਂ ਨੇ ਮਾਂ ਦੇ ਬਾਰੇ ਇੱਕ ਗੀਤ ਵਿੱਚ ਇੰਜ ਜ਼ਿਕਰ ਕੀਤਾ ਹੈ।

ਮਾਂ ਹੁੰਦੀ ਏ ਮਾਂ, ਓ ਦੁਨੀਆਂ ਵਾਲਿਓ।
ਮਾਂ ਹੈ ਠੰਡੜੀ ਛਾਂ, ਓ ਦੁਨੀਆਂ ਵਾਲਿਓ।
ਮਾਂ ਬਿਨਾਂ ਨਾ ਕੋਈ ਲਾਡ ਲਡਾਉਂਦਾ।
ਰੋਂਦਿਆਂ ਨੂੰ ਨਾ ਚੁੱਪ ਕਰਾਉਂਦਾ।
ਕੋਈ ਨਾ ਫੜਦਾ ਬਾਂਹ ਓ ਦੁਨੀਆਂ ਵਾਲਿਓ।
ਮਾਂ ਦੀ ਪੂਜਾ ਰੱਬ ਦੀ ਪੂਜਾ।
ਮਾਂ ਤਾਂ ਰੱਬ ਦਾ ਰੂਪ ਹੈ ਦੂਜਾ।

ਮਾਂ ਦਾ ਜਿੰਨਾਂ ਵੀ ਸਤਿਕਾਰ ਤੇ ਸੇਵਾ ਕਰੀਏ ਉਹ ਥੋੜ੍ਹਾ ਹੈ। ਉਸ ਦਾ ਦੇਣਾ (ਕਰਜ਼) ਸਾਰੀ ਉਮਰ ਨਹੀਂ ਉਤਾਰ ਸਕਦੇ।

ਅੱਜ ਮਾਂ ਦਿਵਸ ਤੇ ਇਹ ਪ੍ਰਣ ਕਰੀਏ ਕਿ ਅਸੀਂ ਮਾਂ ਦੀ ਸੇਵਾ ਤੇ ਸਤਿਕਾਰ ਕਰਾਂਗੇ। ਮਾਂ ਆਪਣੇ ਬੱਚਿਆਂ ਪੋਤੇ-ਪੋਤੀਆਂ, ਦੋਹਤੇ-ਦੋਹਤੀਆਂ ਨਾਲ ਘਰ ਵਿੱਚ ਸੁੱਖਾਂ ਭਰਿਆ ਜੀਵਨ ਬਤੀਤ ਕਰੇ। ਇਹੀ ਅਸੀਂ ਸਾਰੇ ਚਾਹੁੰਦੇ ਹਾਂ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰ:1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਤਲਵੰਡੀ ਸਾਬੋ ਦੀ ਹੋਈ ਮੀਟਿੰਗ



**ਤਲਵੰਡੀ ਸਾਬੋ, 10 ਮਈ (ਗੁਰਜੰਟ ਸਿੰਘ ਨਥੇਹਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਤਲਵੰਡੀ ਸਾਬੋ ਦੀ ਮੀਟਿੰਗ ਹੋਈ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਤੇ ਚੇਅਰਮੈਨ ਨਿਰੰਜਨ ਸਿੰਘ ਨੇ ਪੈਨਸ਼ਨਰਾਂ ਦੇ ਭਖਦੇ ਮਸਲਿਆਂ 'ਤੇ ਵਿਚਾਰ ਚਰਚਾ ਕਰਦਿਆਂ ਤਨਖਾਹ ਕਮਿਸ਼ਨ ਦਾ ਬਕਾਇਆ 42 ਮਹੀਨੇ ਤੱਕ ਲਮਕਾਉਣ ਦੀ ਨਿੰਦਿਆ ਕੀਤੀ ਤੇ ਯਕਮੁਕਤ ਇੱਕ ਜਾਂ ਦੋ ਕਿਸ਼ਤਾਂ ਵਿੱਚ ਦੇਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਦਾ 2.59 ਫੈਕਟਰ ਤੁਰੰਤ ਲਾਗੂ ਕੀਤਾ ਜਾਵੇ, ਕੈਸ਼ਲੈਸ ਇਲਾਜ ਦੀ ਸਹੂਲਤ ਦਿੱਤੀ ਜਾਵੇ, ਮੈਡੀਕਲ ਭੱਤਾ ਦੋ ਹਜ਼ਾਰ ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ। ਇੱਕ ਮਈ ਨੂੰ ਪਹਿਲਗਾਮ ਵਿਚ ਨਿਰਦੋਸ਼ ਮਾਰੇ ਜਾਣ ਵਾਲੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਤੇ ਪਾਕਿਸਤਾਨ ਵੱਲੋਂ ਜੰਗ ਦਾ ਮਾਹੌਲ ਬਣਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ ਸ਼ਾਂਤੀ ਬਣਾਉਣ ਲਈ ਅਪੀਲ ਕੀਤੀ ਗਈ। ਪੈਨਸ਼ਨਰ ਸਾਥੀ ਪ੍ਰੀਤਮ ਸਿੰਘ ਗਿੱਲ ਰਿਟਾਇਰਡ ਪੀਟੀਆਈ ਤੇ ਜਰਨੈਲ ਸਿੰਘ ਤੰਗਰਾਲੀ ਦੇ ਅਕਾਲ ਚਲਾਣੇ ਤੇ ਮੋਨ ਧਾਰ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਮਹੀਨੇ ਨਵੇਂ ਆਏ ਮੈਂਬਰਾਂ ਦਾ ਗਲ ਹਾਰ ਪਾ ਕੇ ਸੁਆਗਤ ਕੀਤਾ ਗਿਆ। ਇਸ ਮੌਕੇ ਥਾਣੇਦਾਰ ਗੁਰਚਰਨ ਸਿੰਘ, ਲਾਭਵੀਰ ਸਿੰਘ ਪਟਵਾਰੀ, ਜੁਗਰਾਜ ਸਿੰਘ ਜੇਈ, ਕੁਲਵੰਤ ਸਿੰਘ, ਮਲੂਕ ਸਿੰਘ, ਭੂਰਾ ਸਿੰਘ, ਸੁੱਚਾ ਸਿੰਘ, ਥਾਣੇਦਾਰ ਸੁਖਦੇਵ ਸਿੰਘ, ਮਦਨ ਸਿੰਘ ਪਟਵਾਰੀ, ਜਿਲੇਦਾਰ ਜਰਨੈਲ ਸਿੰਘ, ਦਰਸ਼ਨ ਸਿੰਘ, ਸਾਧੂ ਸਿੰਘ, ਮਨਸਾ ਰਾਮ, ਤੇਜਾ ਸਿੰਘ, ਗੁਰਬਖਸ਼ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਦਰ ਬਾਜ਼ਾਰ ਦੇ ਵਪਾਰੀ ਸਰਕਾਰੀ ਹੁਕਮਾਂ ਦੀ ਕਰਨਗੇ ਪਾਲਣਾ - ਫੇਸਟਾ



**ਨਵੀਂ ਦਿੱਲੀ 10 ਮਈ (ਮਨਪ੍ਰੀਤ ਸਿੰਘ ਖਾਲਸਾ)**:-ਭਾਰਤ- ਪਾਕਿਸਤਾਨ ਸਰਹੱਦ 'ਤੇ ਚੱਲ ਰਹੇ ਵਿਵਾਦ ਨੂੰ ਲੈ ਕੇ ਬਾਜ਼ਾਰ ਵਿੱਚ ਕਈ ਤਰ੍ਹਾਂ ਦੀਆਂ ਚਰਚਾਵਾਂ ਚੱਲ ਰਹੀਆਂ ਹਨ। ਕੁਝ ਬਾਜ਼ਾਰਾਂ ਨੇ ਸ਼ਾਮ 6 ਵਜੇ ਤਕ ਬਾਜ਼ਾਰ ਖੁਲੇ ਰੱਖਣ ਦਾ ਫੈਸਲਾ ਲਿਆ ਹੈ, ਪਰ ਇਸ ਸਬੰਧੀ ਸਦਰ ਬਾਜ਼ਾਰ ਵਪਾਰੀ ਐਸੋਸੀਏਸ਼ਨ ਨੇ ਇੱਕ ਮੀਟਿੰਗ ਕੀਤੀ ਜਿਸ ਵਿੱਚ ਫੈਡਰੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਰਾਕੇਸ਼ ਯਾਦਵ, ਜਨਰਲ ਸਕੱਤਰ ਸਤਪਾਲ ਸਿੰਘ ਮੰਗਾ, ਕਮਲ ਕੁਮਾਰ, ਰਾਜੇਂਦਰ ਸ਼ਰਮਾ, ਖਜ਼ਾਨਚੀ ਦੀਪਕ ਮਿੱਤਲ ਸਮੇਤ ਕਈ ਵਪਾਰੀ ਮੌਜੂਦ ਸਨ। ਇਸ ਮੌਕੇ ਸਾਰੇ ਵਪਾਰੀਆਂ ਨੇ ਫੈਸਲਾ ਕੀਤਾ ਕਿ ਜਦੋਂ ਤੱਕ ਕੋਈ ਸਰਕਾਰੀ ਦਿਸ਼ਾ-ਨਿਰਦੇਸ਼ ਜਾਰੀ ਨਹੀਂ ਹੁੰਦੇ, ਸਦਰ ਬਾਜ਼ਾਰ ਆਮ ਦਿਨਾਂ ਵਾਂਗ ਖੁੱਲ੍ਹਾ ਰਹੇਗਾ। ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਬਾਜ਼ਾਰ ਨੂੰ ਜਲਦੀ ਬੰਦ ਕਰਨ ਨਾਲ ਘਬਰਾਹਟ ਵਾਲੇ ਫੈਸਲੇ ਲਏ ਜਾਣਗੇ ਅਤੇ ਵਪਾਰੀਆਂ ਨੂੰ ਭਾਰੀ ਨੁਕਸਾਨ ਹੋਵੇਗਾ ਅਤੇ ਇਸ ਕਾਰਨ ਦਿੱਲੀ ਤੋਂ ਬਾਹਰੋਂ ਆਉਣ ਵਾਲੇ ਵਪਾਰੀ ਵੀ ਨਹੀਂ ਆਉਣਗੇ। ਉਨ੍ਹਾਂ ਕਿਹਾ, ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ, ਮੁੱਖ ਮੰਤਰੀ ਰੇਖਾ ਗੁਪਤਾ, ਸੰਸਦ ਮੈਂਬਰ ਪ੍ਰਵੀਨ ਖੰਡੇਲਵਾਲ ਅਤੇ ਹੋਰ ਬਹੁਤ ਸਾਰੇ ਅਧਿਕਾਰੀ ਅਤੇ ਨੇਤਾ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ। ਜੇਕਰ ਸਰਕਾਰ ਵਲੋਂ ਇਸ ਸੰਬੰਧੀ ਕੋਈ ਦਿਸ਼ਾ- ਨਿਰਦੇਸ਼ ਆਉਂਦੇ ਹਨ, ਤਾਂ ਅਸੀਂ ਉਨ੍ਹਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਵੱਲੋਂ

# ਸਰਨਾ ਤੇ ਜੀ.ਕੇ. ਨੂੰ ਦਿੱਲੀ ਕਮੇਟੀ ਦੇ ਕੰਮਕਾਜ ਦੇ ਮੁੱਦੇ 'ਤੇ ਜਨਤਕ ਤੌਰ 'ਤੇ ਬਹਿਸ ਦੀ ਚੁਣੌਤੀ

**ਨਵੀਂ ਦਿੱਲੀ, 10 ਮਈ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਮੇਟੀ ਦੇ ਸਾਬਕਾ ਪ੍ਰਧਾਨਾਂ ਸਰਦਾਰ ਪਰਮਜੀਤ ਸਿੰਘ ਸਰਨਾ ਤੇ ਸਰਦਾਰ ਮਨਜੀਤ ਸਿੰਘ ਜੀ.ਕੇ. ਨੂੰ ਖੁੱਲ੍ਹੀ ਚੁਣੌਤੀ ਦਿੱਤੀ ਹੈ ਕਿ ਉਹ ਕਮੇਟੀ ਦੇ ਕੰਮਕਾਜ ਦੇ ਮੁੱਦੇ 'ਤੇ ਉਹਨਾਂ ਦੀ ਮਰਜ਼ੀ ਦੇ ਚੈਨਲ, ਉਹਨਾਂ ਦੀ ਮਰਜ਼ੀ ਦੀ ਤਾਰੀਕ ਅਤੇ ਥਾਂ 'ਤੇ ਉਹਨਾਂ ਨਾਲ ਬਹਿਸ ਕਰਨ ਵਾਸਤੇ ਤਿਆਰ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਕ ਸਮਾਂ ਸੀ ਜਦੋਂ ਸਰਦਾਰ ਮਨਜੀਤ ਸਿੰਘ ਜੀ.ਕੇ. ਨੇ ਖੁਦ ਸਰਦਾਰ ਪਰਮਜੀਤ ਸਿੰਘ ਸਰਨਾ ਵੱਲੋਂ ਕਮੇਟੀ ਦਾ ਪ੍ਰਧਾਨ ਹੁੰਦਿਆਂ ਕੀਤੇ ਭ੍ਰਿਸ਼ਟਾਚਾਰ ਬਾਰੇ ਵੀਡੀਓਜ਼ ਪਾ ਕੇ ਸੰਗਤ ਨੂੰ ਜਾਣਕਾਰੀ ਦਿੱਤੀ ਸੀ। ਉਹਨਾਂ ਕਿਹਾ ਕਿ ਅੱਜ ਇਹ ਦੋਵੇਂ ਇਕ ਪਾਰਟੀ ਬਾਦਲ ਦਲ ਦੇ ਬੈਨਰ ਹੇਠ ਇਕੱਠੇ ਹੋ ਗਏ ਹਨ। ਉਹਨਾਂ ਕਿਹਾ ਕਿ ਦੋਵੇਂ ਜਣੇ ਝੂਠ ਬੋਲਣ ਵਿਚ ਇਕ ਦੂਜੇ ਦੇ ਉਸਤਾਦ ਹਨ, ਜੋ ਸੰਗਤ ਵੇਖ ਹੀ ਰਹੀ ਹੈ। ਉਹਨਾਂ ਕਿਹਾ ਕਿ ਉਹ ਦੋਵਾਂ ਨੂੰ ਇਹ ਬੇਨਤੀ ਕਰਦੇ ਹਨ ਕਿ ਉਹਨਾਂ ਦੀ ਮਰਜ਼ੀ ਦੇ ਦਿਨ ਅਤੇ ਥਾਂ 'ਤੇ ਉਹ ਕਿਸੇ ਵੀ ਤਰੀਕੇ ਦੀ ਬਹਿਸ ਵਾਸਤੇ ਤਿਆਰ ਹਨ ਕਿ ਕਮੇਟੀ ਦੇ ਕੰਮਕਾਜ ਨੂੰ ਕਿਸਨੇ ਚੁਸਤ ਦਰੁਸਤ ਕੀਤਾ। ਉਹਨਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਜਿਥੇ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਕਮੇਟੀ ਪ੍ਰਧਾਨ ਹੁੰਦਿਆਂ ਰੱਜ ਕੇ ਭ੍ਰਿਸ਼ਟਾਚਾਰ ਕੀਤਾ ਜਿਸਨੂੰ ਖੁਦ ਸਰਦਾਰ ਮਨਜੀਤ ਸਿੰਘ ਜੀ.ਕੇ. ਨੇ ਉਜਾਗਰ ਕੀਤਾ, ਉਥੇ ਹੀ ਸਰਦਾਰ ਮਨਜੀਤ ਸਿੰਘ ਜੀ.ਕੇ. ਨੇ ਵੀ ਰੱਜ ਕੇ ਭ੍ਰਿਸ਼ਟਾਚਾਰ ਕੀਤਾ ਜਿਸਦੇ ਕੇਸ ਸੰਗਤ ਦੇ ਸਾਹਮਣੇ ਹਨ। ਉਹਨਾਂ ਕਿਹਾ ਕਿ ਇਹ ਦੋਵੇਂ ਹੁਣ ਨਵੇਂ ਤੋਂ ਨਵਾਂ ਝੂਠ ਪੇਸ਼ ਕਰ ਕੇ ਆਪਣੇ ਆਪ ਨੂੰ ਪਾਕਿ ਸਾਫ ਦੱਸਣਾ ਚਾਹੁੰਦੇ ਹਨ ਪਰ ਸੰਗਤ ਜਾਣਦੀ ਹੈ ਕਿ ਇਹਨਾਂ ਦੋਵਾਂ ਨੇ ਕਮੇਟੀ ਪ੍ਰਧਾਨ ਹੁੰਦਿਆਂ ਕਿਵੇਂ ਵਿਆਪਕ ਪੱਧਰ 'ਤੇ ਭ੍ਰਿਸ਼ਟਾਚਾਰ ਕੀਤਾ, ਸੰਗਤ ਨੂੰ ਗੁੰਮਰਾਹ ਕੀਤਾ ਅਤੇ ਕਮੇਟੀ ਦੇ ਫੰਡਾਂ ਦੀ ਦੁਰਵਰਤੋਂ ਕੀਤੀ। ਉਹਨਾਂ ਕਿਹਾ ਕਿ ਉਹ ਜਨਤਕ ਬਹਿਸ ਵਾਸਤੇ ਤਿਆਰ ਬਰ ਤਿਆਰ ਹਨ ਤੇ ਇਹਨਾਂ ਦੋਵਾਂ ਨੂੰ ਸੰਗਤ ਦੇ ਸਾਹਮਣੇ ਬੇਨਕਾਬ ਕਰਨਗੇ। ਉਹਨਾਂ ਨੇ ਦੋਵਾਂ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਸੰਗਤ ਦੇ ਸਾਹਮਣੇ ਇਸ ਬਹਿਸ ਵਾਸਤੇ ਅੱਗੇ ਆਉਣ ਤਾਂ ਜੋ ਸੰਗਤ ਨੂੰ ਹੋਰ ਵੀ ਚਾਨਣਾ ਹੋ ਸਕੇ ਕਿ ਇਹਨਾਂ ਨੇ ਕਿਵੇਂ ਸੰਗਤ ਦੇ ਪੈਸੇ ਦੀ ਦੁਰਵਰਤੋਂ ਕੀਤੀ ਤੇ ਰੱਜ ਕੇ ਭ੍ਰਿਸ਼ਟਾਚਾਰ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਨਾਨਕ ਪਬਲਿਕ ਸਕੂਲ ਵਿਖੇ ਮਾਵਾਂ ਨੂੰ ਸਮਰਪਿਤ

# 'ਮਾਂ ਦਿਵਸ' ਨੂੰ ਉਤਸ਼ਾਹ ਨਾਲ ਮਨਾਇਆ




**ਨਵੀਂ ਦਿੱਲੀ 10 ਮਈ (ਮਨਪ੍ਰੀਤ ਸਿੰਘ ਖਾਲਸਾ)**:- ਮਾਂ ਦਿਵਸ ਸਾਡੇ ਸਾਰਿਆਂ ਦੇ ਜੀਵਨ ਵਿੱਚ ਬਹੁਤ ਮਹੱਤਵ ਰੱਖਦਾ ਹੈ ਕਿਉਂਕਿ ਇਹ ਸਾਡੀਆਂ ਮਾਵਾਂ ਨੂੰ ਸਮਰਪਿਤ ਇੱਕ ਵਿਸ਼ੇਸ਼ ਦਿਨ ਹੈ ਜੋ ਸਾਡੇ ਦਿਲਾਂ ਵਿੱਚ ਬਹੁਤ ਖਾਸ ਸਥਾਨ ਰੱਖਦੀਆਂ ਹਨ। ਭਾਰਤ ਵਿੱਚ, ਇਹ ਦਿਨ ਮਈ ਦੇ ਦੂਜੇ ਐਤਵਾਰ ਨੂੰ ਮਨਾਇਆ ਜਾਂਦਾ ਹੈ। ਜਦੋਂ ਕਿ ਦੂਜੇ ਦੇਸ਼ਾਂ ਵਿੱਚ ਇਹ ਸਾਲ ਦੇ ਵੱਖ-ਵੱਖ ਦਿਨਾਂ 'ਤੇ ਮਨਾਇਆ ਜਾਂਦਾ ਹੈ। ਮਾਂ ਸਾਨੂੰ ਜੀਵਨ ਦਿੰਦੀ ਹੈ ਅਤੇ ਜੀਵਨ ਭਰ ਪਿਆਰ ਅਤੇ ਸਬਕ ਦਿੰਦੀ ਹੈ। ਜੇਕਰ ਅਸੀਂ ਆਪਣੀ ਰੁਝੇਵਿਆਂ ਭਰੀ ਜ਼ਿੰਦਗੀ ਵਿੱਚੋਂ ਇੱਕ ਪਲ ਕੱਢ ਕੇ ਇਹ ਸੋਚੀਏ ਕਿ ਅੱਜ ਅਸੀਂ ਜੋ ਵੀ ਬਣ ਗਏ ਹਾਂ ਉਸ ਪਿੱਛੇ ਸਾਡੀਆਂ ਮਾਵਾਂ ਦਾ ਵੱਡਾ ਹੱਥ ਹੈ। "ਮਾਂ ਦਾ ਪਿਆਰ ਇੱਕ ਚੁੱਪ ਤਾਕਤ ਹੈ ਜੋ ਭਵਿੱਖ ਨੂੰ ਆਕਾਰ ਦਿੰਦੀ ਹੈ" ਅਤੇ ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਨੇ ਬੀਤੇ ਦਿਨੀਂ ਉਸ ਸੁੰਦਰ ਸ਼ਕਤੀ ਦਾ ਸਨਮਾਨ ਕਰਦਿਆਂ ਮਾਂ ਦਿਵਸ ਨੂੰ ਉਤਸ਼ਾਹ ਨਾਲ ਮਨਾਇਆ। ਮਾਂ ਦਿਵਸ ਦੇ ਮੌਕੇ 'ਤੇ, ਇੱਕ ਵਿਸ਼ੇਸ਼ ਸਵੇਰ ਦੀ ਵਿਸ਼ੇਸ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਾਂ ਦਿਵਸ ਨੂੰ ਸਮਰਪਿਤ ਦਿਲੋਂ ਪੇਸ਼ਕਾਰੀਆਂ ਅਤੇ ਸ਼ੁਕਰਗੁਜ਼ਾਰੀ ਦੇ ਪ੍ਰਗਟਾਵੇ ਕੀਤੇ ਗਏ ਸਨ। ਵੱਖ-ਵੱਖ ਵਰਗਾਂ ਦੇ ਵਿਦਿਆਰਥੀਆਂ ਨੇ ਸੁੰਦਰ ਢੰਗ ਨਾਲ ਰਚੀਆਂ ਗਈਆਂ ਕਵਿਤਾਵਾਂ ਅਤੇ ਪ੍ਰਭਾਵਸ਼ਾਲੀ ਭਾਸ਼ਣਾਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਹਰੇਕ ਨੇ ਸਪੱਸ਼ਟਤਾ, ਭਾਵਨਾ ਅਤੇ ਕਿਰਪਾ ਨਾਲ ਪੇਸ਼ ਕੀਤਾ। ਉਨ੍ਹਾਂ ਦੇ ਪ੍ਰਦਰਸ਼ਨ ਨਾ ਸਿਰਫ਼ ਆਪਣੀਆਂ ਮਾਵਾਂ ਨੂੰ, ਸਗੋਂ ਉਨ੍ਹਾਂ ਦੇ ਅਧਿਆਪਕਾਂ ਅਤੇ ਧਰਤੀ ਮਾਤਾ ਨੂੰ ਵੀ ਇੱਕ ਸੱਚੀ ਸ਼ਰਧਾਂਜਲੀ ਸਨ, ਜੋ ਉਨ੍ਹਾਂ ਦੇ ਜੀਵਨ ਵਿੱਚ ਹਰੇਕ ਦੁਆਰਾ ਨਿਭਾਈ ਜਾਣ ਵਾਲੀ ਪਾਲਣ-ਪੋਸ਼ਣ ਦੀ ਭੂਮਿਕਾ ਨੂੰ ਸਵੀਕਾਰ ਕਰਦੇ ਸਨ। ਇਸ ਮੌਕੇ ਮਾਹੌਲ ਪ੍ਰਸ਼ੰਸਾ, ਸਤਿਕਾਰ ਅਤੇ ਪਿਆਰ ਨਾਲ ਭਰਿਆ ਹੋਇਆ ਸੀ, ਜਿਸ ਨੇ ਮੌਜੂਦ ਹਰ ਵਿਅਕਤੀ 'ਤੇ ਸਥਾਈ ਪ੍ਰਭਾਵ ਛੱਡਿਆ। ਇਹ ਦੇਖਭਾਲ, ਤਾਕਤ ਅਤੇ ਸ਼ੁਕਰਗੁਜ਼ਾਰੀ ਦਾ ਜਸ਼ਨ ਸੀ - ਉਹਨਾਂ ਸਾਰਿਆਂ ਦੁਆਰਾ ਮੂਰਤੀਮਾਨ ਗੁਣ ਜੋ ਸਾਡਾ ਪਾਲਣ-ਪੋਸ਼ਣ ਅਤੇ ਮਾਰਗਦਰਸ਼ਨ ਕਰਦੇ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਨਪ੍ਰੀਤ ਕੌਰ ਨੇ ਹਾਜ਼ਿਰੀ ਭਰ ਕੇ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਅਧਿਆਪਕਾਂ ਅਤੇ ਬੱਚਿਆਂ ਦਾ ਧੰਨਵਾਦ ਕੀਤਾ ਜਿਨ੍ਹਾਂ ਬਦੌਲਤ ਇਹ ਪ੍ਰੋਗਰਾਮ ਬਹੁਤ ਖੂਬਸੂਰਤੀ ਨਾਲ ਸੰਪਨ ਹੋਇਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਦਰਬਾਰ ਸਾਹਿਬ ਨੂੰ ਹਮਲੇ ਦੌਰਾਨ ਨਿਸ਼ਾਨਾ ਬਣਾਉਣ ਦੀਆਂ ਝੂਠੀਆਂ ਅਫਵਾਹਾਂ ਫੈਲਾਉਣ ਵਾਲਿਆਂ ਵਿਰੁੱਧ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕਰਨ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 10 ( ਕੁਲਵੰਤ ਸਿੰਘ ਵਿਰਦੀ)**-ਆਲ ਇੰਡੀਆ ਸਿਖ ਸਟੂਡੈਟਸ ਫੈਡਰੇਸਨ ਖਾਲਸਾ ਨੇ ਦਰਬਾਰ ਸਾਹਿਬ ਅੰਮਿਰਤਸਰ ਨੂੰ ਹਮਲੇ ਦੋਰਾਨ ਨਿਸਾਨਾ ਬਣਾਉਣ ਦੀ ਕਿਸੇ ਸਰਾਰਤੀ ਅਨਸਰ ਵਲੋ ਝੂਠੀ ਅਫਵਾਹ ਫਲਾਉਣ ਦੀ ਜੋਰਦਾਰ ਸਬਦਾ 'ਚ ਨਿੰਦਾ ਕਰਦਿਆ ਅੰਮਿਰਤਸਰ ਦੇ ਪੁਲਿਸ ਕਮਿਸਨਰ ਤੋ ਮੰਗ ਕੀਤੀ ਹੈ ਕਿ ਜੰਗ ਦੇ ਮਹੌਲ ਦੌਰਾਨ ਝੂਠੀਆ ਅਫਵਾਹਾ ਫੈਲਾਉਣ ਵਾਲੇ ਸਮਾਜ ਵਿਰੋਧੀ ਸਰਾਰਤੀ ਅਨਸਰਾਂ ਵਿਰੁਧ ਸਖਤ ਤੋ ਸਖਤ ਕਾਰਵਾਈ ਕੀਤੀ ਜਾਵੇ ,ਤਾਂ ਕਿ ਜੰਗ ਦੌਰਾਨ ਲੋਕਾ ਨੂੰ ਗਲਤ ਅਫਵਾਵਾਂ ਦਾ ਸਿਕਾਰ ਹੋਣ ਤੋ ਬਚਾਇਆਂ ਜਾ ਸਕੇ,ਇਸ ਸਬੰਧੀ ਸ੍ਰੋਮਣੀ ਗੁਰਦੁਵਾਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਨੇ ਵੀ ਅੰਮ੍ਰਿਤਸਰ ਦੇ ਪੁਲਿਸ ਕਮਿਸਨਰ ਨੂੰ ਸਕਾਇਤ ਦੇ ਕੇ ਅਜਿਹੇ ਲੋਕਾ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ,ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆਂ ਸਿਖ ਸਟੂਡੈਟਸ ਫੈਡਰੇਸਨ ਸਰਕਾਰ ਤੋ ਮੰਗ ਕਰਦੀ ਹੈ ਕਿ ਜੰਗ ਦੌਰਾਨ ਗਲਤ ਅਫਵਾਵਾਂ ਫਲਾ ਕਿ ਲੋਕਾ'ਚ ਦਾਇਸਤ ਦਾ ਮਹੌਲ ਪੈਦਾ ਕਰਨ ਵਾਲੇ ਲੋਕਾ ਵਿਰੁੱਧ ਸਖਤ ਤੋ ਸਖਤ ਕਾਰਵਾਈ ਕੀਤੀ ਜਾਵੇ, ਇਹਨਾਂ ਸਬਦਾ ਦਾ ਪ੍ਰਗਟਾਵਾ ਆਲ ਇੰਡੀਆਂ ਸਿੱਖ ਸਟੂਡੈਟਸ ਫੈਡਰੇਸਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਹਰਿਮੰਦਰ ਸਾਹਿਬ ਅੰਮ੍ਰਿਤਸਰ ਨੂੰ ਹਮਲੇ ਦੌਰਾਨ ਨਿਸਾਨਾ ਬਣਾਉਣ ਦੀ ਝੂਠੀ ਅਫਵਾਹ ਫੈਲਾਉਣ ਦੀ ਨਿੰਦਾ ਤੇ ਸਰਕਾਰ ਤੋਂ ਅਜਿਹੇ ਸਰਾਰਤੀ ਅਨਸਰਾਂ ਵਿਰੁੱਧ ਸਖਤ ਤੋ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦਿਆਂ ਇਕ ਲਿਖਤੀ ਪ੍ਰੈੱਸ ਬਿਆਨ ਰਾਹੀ ਕੀਤਾ, ਉਹਨਾਂ ਭਾਈ ਖਾਲਸਾ ਨੇ ਸਪਸਟ ਕੀਤੀ ਸਰੋਮਣੀ ਗਰਦੁਵਾਰਾ ਪਰਬੰਧਕ ਕਮੇਟੀ ਦੇ ਸਕਤਰ ਨੇ ਪੁਲਿਸ ਕਮਿਸਨਰ ਨੂੰ ਇਕ ਲਿਖਤੀ ਰੀਪੋਰਟ ਦੇ ਕੇ ਸੋਸਲ ਮੀਡੀਆਂ ਪਲੇਟਫਾਰਮ ਐਕਸ ਹੈਡਲ ਤੇ ਅਭਿਜੀਤ ਅਈਅਰ ਮਿਤਰਾਂ ਨਾਂ ਦੇ ਵਿਆਕਤੀ ਵਲੋਂ ਹਰਮੰਦਰ ਸਾਹਿਬ ਅਤੇ ਸਿਖ ਧਰਮ ਵਿਰੁਧ ਗਲਤ ਅਤੇ ਨਫਰਤੀ ਟਿਪਣੀਆਂ ਕਰਨ ਲਈ ਉਸ ਵਿਰੁਧ ਲੋੜੀਦੀ ਸਖਤ ਕਾਨੂਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ, ਭਾਈ ਖਾਲਸਾ ਨੇ ਦਸਿਆਂ ਸਰੋਮਣੀ ਗੁਰਦੁਵਾਰਾ ਪਰਬੰਧਕ ਕਮੇਟੀ ਦੇ ਸਕਤਰ ਸਰ ਪਰਤਾਪ ਸਿੰਘ ਨੇ ਪੁਲਿਸ ਕਮਿਸਨਰ ਅੰਮਿਰਤਸਰ ਸਰ ਗੁਰਪਰੀਤ ਸਿੰਘ ਭੁਲਰ ਨੂੰ ਪਤਰ ਵਿਚ ਲਿਖਿਆ ਕਿ ਉਕਤ ਵਿਆਕਤੀ ਵਿਰੁਧ ਸੈਸਲ ਮੀਡੀਆ ਰਾਹੀ ਪੰਜਾਬ, ਖਾਸ ਕਰਕੇ ਅੰਮਿਰਤਸਰ ਵਿਚ ਦਾਹਿਸਤ ਦਾ ਮਹੌਲ ਪੈਦਾ ਕਰਨ ਵਾਲੀ ਸਬਦਾਵਲੀ ਦੀ ਵਰਤੋਂ ਕਰਨ;ਸਿਖ ਸੰਸਥਾ ਸਰੋਮਣੀ ਗੁਰਦੁਵਾਰਾ ਨੂੰ ਗੰਧਾਰ ਕਹਿਣ ਅਤੇ ਸਿਖਾ ਵਿਰੁਧ ਨਫਰਤੀ ਟਿਪਣੀਆਂ ਕਰਨ ਕਰਕੇ ਉਸ ਵਿਰੁਧ ਕਾਨੂੰਨੀ ਕਾਰਵਾਈ ਕੀਤੀ ਜਾਵੇ , ਭਾਈ ਖਾਲਸਾ ਨੇ ਦਸਿਆਂ ਸਕਤਰ ਨੇ ਪਤਰ ਵਿਚ ਲਿਖਿਆ ਭਾਰਤ ਅਤੇ ਪਾਕਿਸਤਾਨ ਦਰਮਿਆਨ ਚਲ ਰਹੀ ਮਜੋਂਦਾ ਸਥਿਤੀ ਦੇ ਮੱਦੇਨਜਰ ਉਪਰੋਕਤ ਵਿਆਕਤੀ ਸਿਰਫ ਸ੍ਰੀ ਦਰਬਾਰ ਸਾਹਿਬ ਨੂੰ ਹੀ ਹਮਲਾ ਕਰਕੇ ਨਿਸਾਨਾ ਬਣਾਏ ਜਾਣ ਦੀਆਂ ਟਿਪਣੀਆਂ ਨੂੰ ਸੋਸਲ ਮੀਡੀਆ ਤੇ ਵਾਇਰਲ ਕਰ ਰਿਹਾ ਹੈ ਜਦੋਕਿ ਮਿਤੀ 8 ਮਈ ਨੂੰ ਭਾਰਤ ਸਰਕਾਰ ਦੇ ਰੱਖਿਆ ਮੰਤਰਾਲੇ ਵੱਲੋ ਜਾਰੀ ਬਿਆਨ ਅਨੁਸਾਰ 15 ਥਾਵਾਂ ਉਤੇ ਹਮਲਾ ਹੋਣ ਦਾ ਖਦਸਾ ਜਾਹਿਰ ਕੀਤਾ ਗਿਆ ਹੈ ਅਤੇ ਉਨਾਂ ਥਾਵਾਂ ਵਿਚ ਹਰਿਮੰਦਰ ਸਾਹਿਬ ਦਾ ਕਿਤੇ ਵੀ ਜਿਕਰ ਨਹੀ ਆਉਦਾ ? ਭਾਈ ਖਾਲਸਾ ਨੇ ਦੱਸਿਆ ਸਾਡੀ ਜਥੇਬੰਦੀ ਆਲ ਇੰਡੀਆਂ ਸਿਖ ਸਟੂਡੈਂਟਸ ਫੈਡਰੇਸਨ ਖਾਲਸਾ ਜਿਥੇ ਦਰਬਾਰ ਸਾਹਿਬ ਸਬੰਧੀ ਝੂਠੀਆਂ ਅਫਵਾਹਾਂ ਫੈਲਾਉਣ ਵਾਲੇ ਸਮਾਜ ਵਿਰੋਧੀ ਅਨਸਰਾਂ ਦੀ ਸਖਤ ਸਬਦਾ ਵਿਚ ਨਿੰਦਾ ਕਰਦੀ ਹੈ ,ਉਥੇ ਪੁਲਿਸ ਕਮਿਸਨਰ ਅੰਮਿਰਤਸਰ ਸਾਹਿਬ ਨੂੰ ਬੇਨਤੀ ਕਰਦੀ ਹੈ ਕਿ ਭਾਰਤ ਪਾਕਿਸਤਾਨ ਵਿੱਚ ਜੰਗ ਵਰਗੀ ਬਣੀ ਸਥਿਤੀ ਵਿਚ ਗਲਤ ਅਫਵਾਹਾਂ ਫੈਲਾਉਣ ਵਾਲੇ ਸਮਾਜ ਵਿਰੋਧੀ ਗਲਤ ਅਨਸਰਾਂ ਵਿਰੁਧ ਸਖਤ ਤੋ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਲੋੜ ਤੇ ਜੋਰ ਦਿਤਾ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਮਿਸਲ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਵੱਲੋਂ ਜਥੇਦਾਰ ਬਾਬਾ ਸਤਨਾਮ ਸਿੰਘ ਖਾਪੜਖੇੜੀ ਦੀ ਅਗਵਾਈ ਹੇਠ ਆਰੰਭ ਕੀਤੀ ਸਿੱਖ ਜਾਗਰੂਕਤਾ ਮੁਹਿੰਮ ਚੜ੍ਹਦੀ ਕਲ੍ਹਾ 'ਚ ਕਰ ਰਹੀ ਹੈ ਸਿੱਖੀ ਪ੍ਰਚਾਰ : ਜਥੇਦਾਰ ਬਾਬਾ ਸਤਨਾਮ ਸਿੰਘ

**ਜੰਡਿਆਲਾ ਗੁਰੂ, 10 ਮਈ ( ਕੁਲਵੰਤ ਸਿੰਘ ਵਿਰਦੀ)**-ਮਿਸਲ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਵੱਲੋਂ ਆਰੰਭ ਕੀਤੀ ਗਈ ਸਿੱਖ ਜਾਗਰੂਕਤਾ ਮੁਹਿੰਮ ਜਥੇਬੰਦੀ ਦੇ ਮੁਖੀ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਦੀ ਅਗਵਾਈ ਹੇਠ ਦਿਨੋਂ ਦਿਨ ਚੜ੍ਹਦੀ ਕਲਾ ਵੱਲ ਵੱਧਦੀ ਜਾ ਰਹੀ ਹੈ ਅਤੇ ਪਿੰਡਾਂ ਸ਼ਹਿਰਾਂ ਦੀਆਂ ਸ਼ਰਧਾਵਾਨ ਸੰਗਤਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਇਸ ਮੁਹਿੰਮ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਮੁਕਤ ਕਰਕੇ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਲਈ ਅੰਮ੍ਰਿਤ ਛਕਾ ਕੇ ਗੁਰੂ ਲੜ ਲਾਉਣ ਦੇ ਨਾਲ ਨਾਲ ਗਰੀਬ ਤੇ ਲੋੜਵੰਦ ਲੋਕਾਂ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੈ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਸ ਮੁਹਿੰਮ ਨੂੰ ਹਰ ਤਰ੍ਹਾਂ ਦੀ ਮੱਦਦ ਕੀਤੀ ਜਾਂ ਰਹੀ ਹੈ ਅਤੇ ਇਸੇ ਕਰਕੇ ਦਲ ਪੰਥ ਜੰਗ ਦੇ ਮਹੌਲ ਵਿੱਚ ਵੀ ਸਿੱਖ ਜਾਗਰੂਕਤਾ ਮੁਹਿੰਮ ਨੂੰ ਦਿਨੋ ਦਿਨ ਚੜ੍ਹਦੀ ਕਲਾ ਵਿੱਚ ਲੈ ਕੇ ਜਾ ਰਿਹਾ ਹੈ, ਬੀਤੇ ਦਿਨੀਂ ਪਿੰਡ ਘੁੰਨਸ ਬਰਨਾਲਾ ਵਿਖੇ ਦਲਪੰਥ ਨੇ ਪੜਾਅ ਕੀਤਾ ਤੇ ਸਿੱਖ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਿਆ ਗਿਆ, ਜਥੇਬੰਦੀ ਦੇ ਮੁਖੀ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਵੱਲੋਂ ਸਿੱਖੀ ਪ੍ਰਚਾਰ ਲਈ ਦਿੱਨ ਰਾਤ ਇੱਕ ਕੀਤਾ ਹੋਇਆ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਇਸ ਮੁਹਿੰਮ ਦੀ ਪੂਰਨ ਹਮਾਇਤ ਕਰਦੀ ਹੈ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਿੱਖ ਜਾਗਰੂਕਤਾ ਲਹਿਰ ਦੇ ਮੁਖ ਪ੍ਰਬੰਧਕ ਅਤੇ ਮਿਸਲ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਨਾਲ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਦੀ ਅਗਵਾਈ ਹੇਠ 30 ਅਪ੍ਰੈਲ ਨੂੰ ਆਰੰਭ ਕੀਤੀ ਸਿੱਖ ਜਾਗਰੂਕਤਾ ਮੁਹਿੰਮ ਆਪਣੇ ਘੋੜਿਆ, ਫ਼ੌਜਾਂ ਤੇ ਜੰਗੀ ਰਾਜ ਸਾਜ ਸਮੇਂਤ ਉਸ ਦਿਨ ਤੋਂ ਪਿੰਡਾਂ ਤੇ ਸ਼ਹਿਰਾਂ ਵਿੱਚ ਸਿੱਖੀ ਪ੍ਰਚਾਰ ਕਰਦੀ ਕਰਦੀ ਮਾਲਵਾ ਖੇਤਰ ਵਿੱਚ ਪਹੁੰਚ ਚੁੱਕੀ ਹੈ, ਭਾਈ ਖਾਲਸਾ ਨੇ ਦੱਸਿਆ ਪਿੰਡਾਂ ਪਿੰਡਾਂ ਦੇ ਲੋਕਾਂ ਵੱਲੋਂ ਸਿੱਖ ਜਾਗਰੂਕਤਾ ਮੁਹਿੰਮ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾ ਰਿਹਾ ਹੈ ,ਭਾਈ ਖਾਲਸਾ ਨੇ ਦੱਸਿਆ ਜਾਗਰੂਕਤਾ ਲਹਿਰ ਤਹਿਤ ਜਿਥੇ ਲੋਕਾਂ ਨੂੰ ਨਸ਼ਿਆਂ ਤੋਂ ਮੁਕਤ ਕਰਵਾਇਆ ਜਾ ਰਿਹਾ ਹੈ, ਅੰਮ੍ਰਿਤ ਛਕਾਇਆ ਜਾ ਰਿਹਾ ਹੈ, ਲੋੜਵੰਦ ਗਰੀਬ ਪਰਿਵਾਰਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ ਜਾ ਰਹੀਆਂ ਹਨ ,ਉਥੇ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ ਵੱਲੋਂ ਗਰੀਬ ਪਰਵਾਰਾਂ ਦੀਆਂ ਲੜਕੀਆਂ ਦੀਆਂ ਸ਼ਾਦੀਆਂ ਵੀ ਕੀਤੀਆਂ ਜਾ ਰਹੀਆਂ ਹਨ, ਭਾਈ ਖਾਲਸਾ ਨੇ ਦੱਸਿਆ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਮਿਸਲ ਸ਼ਹੀਦ ਬਾਬਾ ਸ਼ਾਮ ਸਿੰਘ ਅਟਾਰੀ ਤਰਨਾਦਲ ਦੇ ਮੁੱਖੀ ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਵੱਲੋਂ ਵਿੱਢੀ ਸਿੱਖ ਜਾਗਰੂਕਤਾ ਮੁਹਿੰਮ ਦੀ ਪੂਰਨ ਹਮਾਇਤ ਕਰਦੀ ਹੋਈ ਇਸ ਨੂੰ ਸਮੇਂ ਦੀ ਲੋੜ ਵਾਲਾ ਸ਼ਲਾਘਾਯੋਗ ਕਦਮ ਮੰਨਦੀ ਹੈ,ਕਿਉਂਕਿ ਅੱਜ ਨੌਜਵਾਨ ਪੀੜ੍ਹੀ ਪੱਛਮੀ ਦੇਸ਼ਾਂ ਦੇ ਪ੍ਰਭਾਵ ਹੇਠ ਸਿੱਖੀ ਨੂੰ ਅਲਵਿਦਾ ਕਹਿ ਕੇ ਧੜਾ ਧੜ ਧਰਮ ਪਰਿਵਰਤਨ ਵੱਲ ਵਧਦੀ ਜਾ ਰਹੀ ਹੈ,ਜੋ ਬਹੁਤ ਹੀ ਚਿੰਤਾ ਜਨਕ ਮਸਲਾ ਬਣ ਚੁਕਾ ਹੈ ਇਸ ਰੁਝਾਨ ਸਬੰਧੀ ਜਥੇਦਾਰ ਅਕਾਲ ਤਖ਼ਤ ਸਾਹਿਬ ਨੇ ਵੀ ਚਿੰਤਾ ਪ੍ਰਗਟ ਕੀਤੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਤੇ ਸਮੂਹ ਬੰਦੀ ਸਿੰਘ ਦੀ

# ਰਿਹਾਈ ਤੇ ਚੜਦੀ ਕਲ੍ਹਾ ਲਈ ਅਰਦਾਸ ਕੀਤੀ



**ਫਿਰੋਜ਼ਪੁਰ 10 ਮਈ** (ਮਨੋਹਰ ਲਾਲ): ਅੱਜ ਸ਼ਹੀਦੀ ਦਿਹਾੜਾ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਵਾਲੇ ਦੀ ਯਾਦ 'ਚ ਬਸਤੀ ਨੱਥੇ ਸ਼ਾਹ ਵਾਲਾ ਫ਼ਿਰੋਜ਼ਪੁਰ ਵਿਖੇ ਸ਼ਹੀਦ ਸਿੰਘਾ ਦੇ ਦਿਵਸ ਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਤੇ ਸਮੂਹ ਬੰਦੀ ਸਿੰਘ ਦੀ ਰਿਹਾਈ ਤੇ ਚੜਦੀ ਕਲ੍ਹਾ ਲਈ ਅਰਦਾਸ ਬੇਨਤੀ ਕੀਤੀ ਗਈ ਹੈ।

# ਖ਼ਾਲਿਸਤਾਨ ਲਿਬਰੇਸ਼ਨ ਫੋਰਸ ਦੇ ਜੁਝਾਰੂ ਸ਼ਹੀਦ ਭਾਈ ਦਰਸ਼ਨ ਸਿੰਘ ਤਖਾਣਵੱਧ ਦੀ ਯਾਦ 'ਚ ਸਮਾਗਮ ਅੱਜ : ਭਾਈ ਰਣਜੀਤ ਸਿੰਘ/ਭਾਈ ਅਮਰਜੀਤ ਸਿੰਘ



**ਅੰਮ੍ਰਿਤਸਰ, 10 ਮਈ (ਆਵਾਜ਼ਿ ਕੌਮ ਬਿਊਰੋ)**-ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਖ਼ਾਲਿਸਤਾਨ ਦੇ ਹਥਿਆਰਬੰਦ ਸੰਘਰਸ਼ 'ਚ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲੇ ਖ਼ਾਲਿਸਤਾਨ ਲਿਬਰੇਸ਼ਨ ਫੋਰਸ ਦੇ ਚੋਟੀ ਦੇ ਜੁਝਾਰੂ ਸ਼ਹੀਦ ਭਾਈ ਦਰਸ਼ਨ ਸਿੰਘ ਤਖਾਣਵੱਧ ਅਤੇ ਉਹਨਾਂ ਦੇ ਸਾਥੀਆਂ ਜੁਝਾਰੂ-ਜਰਨੈਲ ਸ਼ਹੀਦ ਭਾਈ ਗੁਰਜੰਟ ਸਿੰਘ ਬੁੱਧਸਿੰਘਵਾਲਾ, ਸ਼ਹੀਦ ਭਾਈ ਮਨੋਹਰ ਸਿੰਘ ਧੀਰਾ, ਸ਼ਹੀਦ ਭਾਈ ਬਲਦੇਵ ਸਿੰਘ ਦੇਬਾ ਧੂੜਕੋਟ, ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਅਤੇ ਸ਼ਹੀਦ ਭਾਈ ਬਲਵੰਤ ਸਿੰਘ ਬੰਤ ਦਾ ਸ਼ਹੀਦੀ ਦਿਹਾੜਾ ਪਿੰਡ ਤਖਾਣਵੱਧ, ਜ਼ਿਲ੍ਹਾ ਮੋਗਾ ਵਿਖੇ 11 ਮਈ 2025 ਨੂੰ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਏਗਾ। ਇਹ ਜਾਣਕਾਰੀ ਸਾਂਝੀ ਕਰਦਿਆਂ ਸ਼ਹੀਦ ਭਾਈ ਦਰਸ਼ਨ ਸਿੰਘ ਤਖਾਣਵੱਧ ਦੇ ਭਰਾ ਭਾਈ ਅਮਰਜੀਤ ਸਿੰਘ ਤਖਾਣਵੱਧ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਅਤੇ ਸ਼ਹੀਦ ਭਾਈ ਬਲਦੇਵ ਸਿੰਘ ਦੇਬਾ ਧੂੜਕੋਟ ਦੇ ਸਪੁੱਤਰ ਭਾਈ ਨਵਦੀਪ ਸਿੰਘ ਨੇ ਦੱਸਿਆ ਕਿ ਭੋਗ ਤੋਂ ਬਾਅਦ ਰਾਗੀ, ਢਾਡੀ ਅਤੇ ਕਵੀਸ਼ਰ ਜੱਥਿਆਂ ਵੱਲੋਂ ਸੰਗਤਾਂ ਨੂੰ ਹਰ ਜੱਸ ਅਤੇ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਨਿਹਾਲ ਕੀਤਾ ਜਾਏਗਾ। ਫਿਰ ਪੰਥਕ ਜਥੇਬੰਦੀਆਂ ਦੇ ਆਗੂ ਸਿੱਖ ਸੰਘਰਸ਼ ਪ੍ਰਤੀ ਵਿਚਾਰ ਸਾਂਝੇ ਕਰਦਿਆਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਸ਼ਹੀਦ ਭਾਈ ਦਰਸ਼ਨ ਸਿੰਘ ਤਖਾਣਵੱਧ ਜੋ ਖ਼ਾਲਿਸਤਾਨ ਲਿਬਰੇਸ਼ਨ ਫੋਰਸ ਦੇ ਮੁਖੀ ਜਰਨੈਲ ਸ਼ਹੀਦ ਭਾਈ ਗੁਰਜੰਟ ਸਿੰਘ ਬੁੱਧਸਿੰਘਵਾਲਾ ਦੇ ਸਾਥੀ ਸਨ, ਉਹਨਾਂ ਨੇ ਬੁੱਚੜ ਮਿੱਤੂ ਥਾਣੇਦਾਰ ਨੂੰ ਸੋਧਿਆ, ਪਟਿਆਲੇ ਵਿੱਚ ਦੋ ਵੱਡੇ ਪੁਲਿਸ ਅਫ਼ਸਰਾਂ ਨੂੰ ਸੋਧਿਆ ਜੋ ਐਕਸ਼ਨ ਮਿਸ਼ਨ ਟਰੈਕਸੂਟ ਦੇ ਨਾਲ ਮਸ਼ਹੂਰ ਹੋਇਆ, ਇਸੇ ਤਰ੍ਹਾਂ ਆਰ ਐਸ ਐਸ ਦੇ ਕਈ ਵਰਕਰਾਂ ਨੂੰ ਮੌਤ ਦੇ ਘਾਟ ਉਤਾਰਿਆ ਅਤੇ ਭਾਈ ਦਰਸ਼ਨ ਸਿੰਘ ਨੇ ਖ਼ਾਲਿਸਤਾਨ ਦੀ ਸਥਾਪਨਾ ਲਈ ਕਈ ਹੋਰ ਵੀ ਜੁਝਾਰੂ ਕਾਰਨਾਮੇ ਕੀਤੇ। ਉਹਨਾਂ ਦੱਸਿਆ ਕਿ 11 ਮਈ 1989 ਨੂੰ ਪਿੰਡ ਕਾਉਂਕੇ ਕਲਾ ਵਿਖੇ ਭਾਈ ਦਰਸ਼ਨ ਸਿੰਘ ਤਖਾਣਵੱਧ ਜੋ ਭਾਰਤੀ ਫੋਰਸਾਂ ਨਾਲ ਮੁਕਾਬਲਾ ਕਰਦੇ ਹੋਏ ਸ਼ਹਾਦਤ ਦਾ ਜਾਮ ਪੀ ਗਏ ਸਨ। ਉਹਨਾਂ ਕਿਹਾ ਕਿ ਖ਼ਾਲਿਸਤਾਨ ਦੀ ਅਜ਼ਾਦੀ ਲਈ ਸਰਗਰਮ ਹੋਣਾ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ।

# ਵਿਸ਼ਵ ਭਾਈ ਮਰਦਾਨਾ ਸੋਸਾਇਟੀ ਵੱਲੋਂ ਭਾਈ ਮਰਦਾਨਾ ਯਾਦਗਾਰੀ ਹਾਲ ਸਰਹੱਦੀ ਲੋਕਾਂ ਲਈ ਖੋਲਿਆ



**ਫਿਰੋਜ਼ਪੁਰ, 10 ਮਈ (ਮਨੋਹਰ ਲਾਲ)**-ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸਰਹੱਦੀ ਲੋਕਾਂ ਲਈ ਭਾਈ ਮਰਦਾਨਾ ਹਾਲ ਖੋਲਿਆ ਗਿਆ ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਭਾਈ ਮਰਦਾਨਾ ਸੋਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਇਹ ਭਾਈ ਮਰਦਾਨਾ ਯਾਦਗਾਰੀ ਹਾਲ ਸਾਰਿਆਂ ਧਰਮਾਂ ਲਈ ਹੈ।ਭਾਰਤ ਅਤੇ ਪਾਕਿਸਤਾਨ ਦੇ ਤਨਾਅ ਨੂੰ ਦੇਖਦੇ ਹੋਏ ਸਰਹੱਦੀ ਲੋਕਾਂ ਲਈ ਭਾਈ ਮਰਦਾਨਾ ਯਾਦਗਾਰੀ ਹਾਲ ਸਰਹੱਦੀ ਲੋਕਾਂ ਦੇ ਰਹਿਣ ਲਈ ਅੱਜ ਤੋਂ ਖੋਲਿਆ ਜਾਂਦਾ ਹੈ। ਯਾਦਗਾਰੀ ਹਾਲ ਵਿੱਚ ਬੇਸਮੈਂਟ ਵੱਡਾ ਹਾਲ 10 ਕਮਰੇ ਗੈਲਰੀ ਦੋ ਛੋਟੇ ਛੋਟੇ ਹਾਲ ਵੀ ਮੌਜੂਦ ਹਨ ਜਿਸ ਵਿੱਚ ਕਾਫੀ ਸੰਗਤ ਠਹਿਰ ਸਕਦੀ ਹੈ ਤੇ ਭਾਈ ਮਰਦਾਨਾ ਸੁਸਾਇਟੀ ਵੱਲੋਂ ਇਹਨਾਂ ਦੀ ਲੰਗਰ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਅਸੀਂ ਡੀਸੀ ਦਫਤਰ ਵੀ ਇਸ ਸਬੰਧੀ ਜਾਣਕਾਰੀ ਦੇ ਦਿੱਤੀ ਹੈ ਤੇ ਪ੍ਰਸ਼ਾਸਨ ਵੱਲੋਂ ਇਹ ਗੱਲ ਕਹੀ ਗਈ ਹੈ ਕਿ ਲੋੜ ਪੈਣ ਤੇ ਤੁਹਾਨੂੰ ਅਸੀਂ ਦੱਸਾਂਗੇ। ਇੰਨੀਆਂ ਵੱਡੀਆਂ ਯਾਦਗਾਰਾਂ ਇੰਨੇ ਵੱਡੇ ਹਾਲ ਮਨੁੱਖਤਾ ਦੀ ਸੇਵਾ ਲਈ ਹੀ ਖੜੇ ਕੀਤੇ ਜਾਂਦੇ ਹਨ ਕਿ ਲੋੜ ਪੈਨ ਤੇ ਸਰਹੱਦੀ ਲੋਕਾਂ ਨੂੰ ਜਾਂ ਆਮ ਸੰਗਤ ਨੂੰ ਸਹਾਇਤਾ ਦਿੱਤੀ ਜਾ ਸਕੇ। ਇਸ ਮੌਕੇ ਸਰਦਾਰ ਹਰਜੀਤ ਸਿੰਘ ਧਾਲੀਵਾਲ ਰਜੇਸ਼ ਕੁਮਾਰ ਦਰਸ਼ਨ ਲਾਲ ਹੀਰਾ ਸਰਪੰਚ ਹਰਦੀਪ ਸਿੰਘ ਇੰਦਰ ਕੁਮਾਰ ਪ੍ਰਿੰਸ ਆਦਿ ਹਾਜ਼ਰ ਸਨ।

## ਅੱਜ ਖਾਲਸਾ ਪੰਥ ਦੀ ਬੀਬੀ ਸਤਵੰਤ ਕੌਰ ਪਾਇਨੀਅਰ ਕਲੋਨੀ ਮੋਗਾ ਰੋਡ ਫਿਰੋਜ਼ਪੁਰ ਲਾਗੇ ਪੀ.ਜੀ.ਆਈ.ਵਿਖੇ ਪੰਥਕ ਹਿਤੈਸ਼ੀਆਂ ਨਾਲ ਵਿਚਾਰ ਵਟਾਂਦਰਾ ਕਰੇਗੀ

ਫਿਰੋਜ਼ਪੁਰ 10 ਮਈ (ਮਨੋਹਰ ਲਾਲ): ਪੰਥਕ ਹਿੱਤਾਂ ਲਈ ਪੰਥਕ ਸ਼ਕਤੀ ਨੂੰ ਇਕੱਠੀ ਕਰਨ ਅਤੇ ਖਾਲਸਾ ਪੰਥ ਦੀਆਂ ਸਿਰਮੌਰ ਸੰਸਥਾਵਾਂ ਦੇ ਯੋਗ ਆਗੂ ਇਲਾਕੇ ਦੀਆਂ ਸੰਗਤਾਂ ਵੱਲੋਂ ਹੀ ਅੱਗੇ ਲਿਆਉਣ ਦੇ ਸੰਦਰਭ ਵਿੱਚ ਖਾਲਸਾ ਪੰਥ ਦੀ ਹੋਣਹਾਰ ਬੇਟੀ ਬੀਬੀ ਸਤਵੰਤ ਕੌਰ ਅਤੇ ਸੰਤਾ ਸਿੰਘ ਉਮੈਦਪੁਰੀ ਜੀ,ਮਿਤੀ 11-5-25 ਦਿੰਨ ਐਤਵਾਰ ਸਮਾਂ 12 ਵਜੇ ਪਾਇਨੀਅਰ ਕਲੋਨੀ ਮੋਗਾ ਰੋਡ ਫਿਰੋਜ਼ਪੁਰ ਲਾਗੇ ਪੀ.ਜੀ.ਆਈ.ਵਿਖੇ ਪੰਥਕ ਹਿਤੈਸ਼ੀਆਂ ਨਾਲ ਵਿਚਾਰ ਵਟਾਂਦਰਾ ਕਰਨ ਆ ਰਹੇ ਹਨ। ਇਹ ਜਾਣਕਾਰੀ ਡਾ: ਮੁਖਤਿਆਰ ਸਿੰਘ ਭੁੱਲਰ, ਜਥੇਦਾਰ ਕਰਨੈਲ ਸਿੰਘ, ਅਮਰ ਸਿੰਘ ਸੰਧੂ, ਝੋਕ ਹਰੀ ਹਰ, ਭਾਈ ਬਲਕਾਰ ਸਿੰਘ ਜੀ, ਬਲਵਿੰਦਰ ਸਿੰਘ, ਪ੍ਰਧਾਨ ਦਰਸ਼ਨ ਸਿੰਘ, ਦਵਿੰਦਰ ਸਿੰਘ ਸੇਖੋਂ ਮਿਸ਼ਲ ਸਤਲੁੱਜ ਨੇ ਦਿੱਤੀ।

## ਜ਼ਿੰਦਾ ਸ਼ਹੀਦ ਬਾਪੂ ਹਰਨਾਮ ਸਿੰਘ ਤੇ ਸ਼ਹੀਦ ਭਾਈ ਗੁਰਮੁਖ ਸਿੰਘ ਗੜਵਾਈ ਦੀ ਯਾਦ 'ਚ ਝੁਲਾਇਆ ਜਾਏਗਾ ਨਿਸ਼ਾਨ ਸਾਹਿਬ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ



**ਅੰਮ੍ਰਿਤਸਰ, 10 ਮਈ (ਆਵਾਜ਼ਿ ਕੌਮ ਬਿਊਰੋ)**-ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ 'ਚ ਜੂਨ 1984 ਦੇ ਘੱਲੂਘਾਰੇ ਦੌਰਾਨ ਸ੍ਰੀ ਦਰਬਾਰ ਸਾਹਿਬ ਦੀ ਅਜ਼ਮਤ ਦੀ ਰਾਖੀ ਕਰਦਿਆਂ ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ ਭਾਈ ਗੁਰਮੁਖ ਸਿੰਘ ਗੜਵਈ ਅਤੇ ਉਹਨਾਂ ਦੇ ਪਿਤਾ ਜ਼ਿੰਦਾ ਸ਼ਹੀਦ ਬਾਪੂ ਹਰਨਾਮ ਸਿੰਘ ਭੂਰਾ ਕੋਹਨਾ ਦੀ ਯਾਦ 'ਚ ਸ਼ਹੀਦੀ ਸਮਾਗਮ 11 ਮਈ 2025 ਨੂੰ ਭਿੱਖੀਵਿੰਡ ਵਿਖੇ ਕਰਵਾਇਆ ਜਾਏਗਾ। ਇਹ ਜਾਣਕਾਰੀ ਸਾਂਝੀ ਕਰਦਿਆਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨ ਅਤੇ ਪੰਥਕ ਵਿਚਾਰਾਂ ਹੋਣਗੀਆਂ।ਫਿਰ ਜ਼ਿੰਦਾ ਸ਼ਹੀਦ ਬਾਪੂ ਹਰਨਾਮ ਸਿੰਘ ਜੀ ਅਤੇ ਸ਼ਹੀਦ ਭਾਈ ਗੁਰਮੁਖ ਸਿੰਘ ਗੜਵਈ ਦੀ ਯਾਦ 'ਚ ਉਹਨਾਂ ਦੀ ਬਹਿਕ ਉੱਤੇ ਖ਼ਾਲਸਾਈ ਨਿਸ਼ਾਨ ਸਾਹਿਬ ਝੁਲਾਇਆ ਜਾਏਗਾ। ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਬਾਪੂ ਹਰਨਾਮ ਸਿੰਘ ਜੋ ਲੰਬਾ ਸਮਾਂ ਦਮਦਮੀ ਟਕਸਾਲ ਦੇ ਤੇਰ੍ਹਵੇਂ ਮੁਖੀ ਸੰਤ ਕਰਤਾਰ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਨਾਲ ਰਹੇ ਅਤੇ ਚੌਦ੍ਹਵੇਂ ਮੁਖੀ ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਵੀ ਉਹਨਾਂ ਨੇ ਅਥਾਹ ਸੰਗਤ ਮਾਣੀ ਅਤੇ 13 ਅਪ੍ਰੈਲ 1978 ਦੇ ਨਿਰੰਕਾਰੀ ਕਾਂਡ ਵਿੱਚ ਬਾਪੂ ਹਰਨਾਮ ਸਿੰਘ ਜੀ ਸਖ਼ਤ ਜ਼ਖ਼ਮੀ ਹੋ ਗਏ ਸਨ ਅਤੇ ਸੰਤ ਭਿੰਡਰਾਂਵਾਲਿਆਂ ਵੱਲੋਂ ਉਹਨਾਂ ਨੂੰ ਜ਼ਿੰਦਾ ਸ਼ਹੀਦ ਦਾ ਖ਼ਿਤਾਬ ਦਿੱਤਾ ਗਿਆ ਸੀ। ਭਾਈ ਰਣਜੀਤ ਸਿੰਘ ਨੇ ਇਹ ਵੀ ਦੱਸਿਆ ਕਿ ਸ਼ਹੀਦ ਭਾਈ ਗੁਰਮੁਖ ਸਿੰਘ ਜੋ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਗੜਵਈ ਸਨ ਅਤੇ ਜੂਨ 1984 ਦੇ ਘੱਲੂਘਾਰੇ ਵਿੱਚ ਚਮਕੌਰ ਦੀ ਗੜ੍ਹੀ ਵਾਲਾ ਸ਼ਾਨਾਮੱਤਾ ਇਤਿਹਾਸ ਦੁਹਰਾਉਂਦੇ ਹੋਏ ਭਾਰਤੀ ਫੌਜਾਂ ਨੂੰ ਲੋਹੇ ਦੇ ਚਣੇ ਚਬਾ ਕੇ ਸ਼ਹਾਦਤ ਦਾ ਜਾਮ ਪੀ ਗਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਿਸਾਨ ਆਗੂ ਤੇ ਹਮਲੇ ਖਿਲਾਫ

# ਐਸਐਸਪੀ ਦਫਤਰ ਵੱਲ ਰੋਸ ਮਾਰਚ ਦੀ ਤਿਆਰੀ



**ਧੂਰੀ ( ਰਣਜੀਤ ਸਿੰਘ ਪੇਧਨੀ)**-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤਹਿਤ 13 ਮਈ ਨੂੰ ਸੰਗਰੂਰ ਵਿਖੇ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਵਿਸ਼ਾਲ ਰੋਸ ਰੈਲੀ ਕਰਨ ਉਪਰੰਤ ਐਸਐਸਪੀ ਦਫਤਰ ਵੱਲ ਰੋਸ ਮੁਜ਼ਾਹਰਾ ਕਰਨ ਦੇ ਪ੍ਰੋਗਰਾਮ ਦੀ ਵਿਉਂਤਬੰਦੀ ਸਬੰਧੀ ਕਿਰਤੀ ਕਿਸਾਨ ਯੂਨੀਅਨ ਦੀ ਬਲਾਕ ਧੂਰੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਪਿੰਡ ਜਹਾਂਗੀਰ ਦੇ ਗੁਰੂਘਰ ਵਿਖੇ ਹੋਈ। ਜਿਸ ਵਿੱਚ ਧੂਰੀ ਇਲਾਕੇ ਵਿੱਚੋਂ ਸੈਂਕੜੇ ਕਿਸਾਨਾਂ ਦੀ ਸਮੂਲੀਅਤ ਕਰਵਾਉਣ ਦਾ ਫੈਸਲਾ ਕੀਤਾ ਗਿਆ ਤੇ ਪਿੰਡ ਪਿੰਡ ਲਾਮਬੰਦੀ ਕਰਨ ਦੀ ਬਿਉਂਤਬੰਦੀ ਕੀਤੀ ਗਈ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲਾ ਆਗੂ ਹਰਦਮ ਸਿੰਘ ਰਾਜੋਮਾਜਰਾ,ਬਲਾਕ ਆਗੂ ਜਗਤਾਰ ਸਿੰਘ ਘਨੌਰ ਖੁਰਦ ਨੇ ਦੱਸਿਆ ਕਿ ਪਿਛਲੀ 25 ਅਪ੍ਰੈਲ ਨੂੰ ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਦੇ ਜ਼ਿਲਾ ਪ੍ਰਧਾਨ ਨਿਰਭੈ ਸਿੰਘ ਖਾਈ ਤੇ ਉਸ ਇਲਾਕੇ ਦੇ ਭੂ ਮਾਫੀਆ ਦੇ ਗੁੰਡਿਆਂ ਵੱਲੋਂ ਘੇਰ ਕੇ ਕਾਤਲਾਨਾ ਹਮਲਾ ਕਰਕੇ ਉਹਨਾਂ ਦੀਆਂ ਲੱਤਾਂ ਤੇ ਬਾਂਹ ਤੋੜ ਦਿੱਤੀ ਗਈ ਸੀ ।ਸਾਥੀ ਇਸ ਵੇਲੇ ਡੀਐਮ ਸੀ ਲੁਧਿਆਣਾ ਵਿਖੇ ਜੇਰੇ ਇਲਾਜ ਹੈ। ਮੁਕਦਮਾ ਦਰਜ ਹੋਣ ਦੇ ਬਾਵਜੂਦ ਵੀ ਪੁਲਿਸ ਵੱਲੋਂ ਕਥਿਤ ਸਿਆਸੀ ਸਹਿ ਦੇ ਚੱਲਦਿਆਂ ਉਕਤ ਦੋਸ਼ੀਆਂ ਵਿੱਚੋਂ ਇੱਕ ਨੂੰ ਵੀ ਗ੍ਰਿਫਤਾਰ ਨਹੀਂ ਕੀਤਾ ਗਿਆ। ਜਿਸ ਦਾ ਸੰਯੁਕਤ ਕਿਸਾਨ ਮੋਰਚੇ ਨੇ ਗੰਭੀਰ ਨੋਟਸ ਲਿਆ ਹੈ ਇਸ ਮਾਮਲੇ ਨੂੰ ਲੈ ਕੇ ਅਤੇ ਪੰਜਾਬ ਵਿੱਚ ਲਗਾਤਾਰ ਕਿਸਾਨ ਲਹਿਰ ਉੱਪਰ ਵੱਧ ਰਹੇ ਪੁਲਿਸ ਜਬਰ ਦੇ ਖਿਲਾਫ 13 ਮਈ ਨੂੰ ਸੰਗਰੂਰ ਦੀ ਦਾਣਾ ਮੰਡੀ ਵਿਖੇ ਜੋਨ ਪੱਧਰੀ ਇਕੱਠ ਕਰਕੇ ਸ਼ਹਿਰ ਵਿੱਚ ਦੀ ਐਸਐਸਪੀ ਦਫਤਰ ਵੱਲ ਰੋਸ ਮੁਜ਼ਾਹਰਾ ਕੀਤਾ ਜਾਵੇਗਾ ।ਜਿਸ ਵਿੱਚ ਪਿੰਡਾਂ ਵਿੱਚੋਂ ਲਾਮਬੰਦੀ ਕਰਕੇ ਵੱਡੀ ਪੱਧਰ ਤੇ ਸਮੂਲੀਅਤ ਕਰਵਾਈ ਜਾਵੇਗੀ।। ਅਤੇ ਦੋਸ਼ੀਆਂ ਦੀ ਗ੍ਰਿਫਤਾਰੀ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ ।ਅੱਜ ਦੀ ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਸ਼ਰਨਜੀਤ ਸਿੰਘ ਰਾਜੋਮਾਜਰਾ, ਦਿਲਬਾਗ ਸਿੰਘ ਅਤੇ ਰਣਧੀਰ ਸਿੰਘ ਜਹਾਂਗੀਰ,ਗੁਰਪ੍ਰੀਤ ਸਿੰਘ ਕਹੇਰੂ, ਮਨਪ੍ਰੀਤ ਸਿੰਘ ਈਸਾਪੁਰ ਲੰਡਾ, ਬਲਬੀਰ ਸਿੰਘ ਅਤੇ ਜਗਤਾਰ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਸਕੂਲਾਂ ਅਤੇ ਪ੍ਰਾਈਵੇਟ ਸਕੂਲਾਂ ਦਾ ਤੁਲਨਾਤਮਕ ਅਧਿਐਨ



ਭਾਰਤ ਵਿੱਚ ਸਿੱਖਿਆ ਪ੍ਰਣਾਲੀ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਮਿਲੇ-ਜੁਲੇ ਰੂਪ ਵਿੱਚ ਹੈ, ਜਿਨ੍ਹਾਂ ਦੇ ਆਪਣੇ-ਆਪਣੇ ਫਾਇਦੇ ਅਤੇ ਨੁਕਸਾਨ ਹਨ।ਇਹ ਤੁਲਨਾਤਮਕ ਅਧਿਐਨ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ ਵੱਖ-ਵੱਖ ਪੱਖਾਂ ਦੀ ਵਿਸ਼ਲੇਸ਼ਣਾ ਕਰਨ ਦਾ ਉਦੇਸ਼ ਰੱਖਦਾ ਹੈ, ਜਿਸ ਵਿੱਚ ਢਾਂਚਾ, ਸਿੱਖਿਆ ਦੀ ਗੁਣਵੱਤਾ, ਅਧਿਆਪਕਾਂ ਦੀ ਯੋਗਤਾ, ਪਾਠਕ੍ਰਮ, ਫੀਸ, ਵਿਦਿਆਰਥੀ ਪ੍ਰਦਰਸ਼ਨ ਅਤੇ ਕੁੱਲ ਪਹੁੰਚ ਸ਼ਾਮਿਲ ਹਨ।

**1. ਢਾਂਚਾ**

**ਸਰਕਾਰੀ ਸਕੂਲ:**

ਆਮ ਤੌਰ ’ਤੇ ਬੁਨਿਆਦੀ ਢਾਂਚਾ ਹੁੰਦਾ ਹੈ, ਜਿਸ ਵਿੱਚ ਕਲਾਸਰੂਮ, ਬਲੈਕ ਬੋਰਡ ਅਤੇ ਸੀਮਿਤ ਸੁਵਿਧਾਵਾਂ ਸ਼ਾਮਿਲ ਹੋ ਸਕਦੀਆਂ ਹਨ। ਬਹੁਤ ਸਾਰੇ ਸਰਕਾਰੀ ਸਕੂਲਾਂ ਨੂੰ ਫੰਡ ਦੀ ਘਾਟ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਸ ਨਾਲ ਇਮਾਰਤਾਂ ਅਤੇ ਸੁਵਿਧਾਵਾਂ ਦੀ ਸੰਭਾਲ ਵਿੱਚ ਕਮੀ ਆਉਂਦੀ ਹੈ। ਆਧੁਨਿਕ ਸੁਵਿਧਾਵਾਂ ਜਿਵੇਂ ਕਿ ਲਾਇਬ੍ਰੇਰੀਆਂ, ਲੈਬੋਰਟਰੀਆਂ ਅਤੇ ਖੇਡ ਸੁਵਿਧਾਵਾਂ ਦੀ ਪਹੁੰਚ ਅਕਸਰ ਸੀਮਿਤ ਹੁੰਦੀ ਹੈ।

**ਪ੍ਰਾਈਵੇਟ ਸਕੂਲ:**

ਆਮ ਤੌਰ ’ਤੇ ਵਧੀਆ ਢਾਂਚਾ ਹੁੰਦਾ ਹੈ ਜਿਸ ਵਿੱਚ ਚੰਗੀ ਤਰ੍ਹਾਂ ਸੰਭਾਲੀਆਂ ਇਮਾਰਤਾਂ, ਆਧੁਨਿਕ ਕਲਾਸਰੂਮ ਅਤੇ ਤਕਨੀਕੀ ਵਿਕਸਤ ਸੁਵਿਧਾਵਾਂ ਹੁੰਦੀਆਂ ਹਨ। ਬਹੁਤ ਸਾਰੇ ਪ੍ਰਾਈਵੇਟ ਸਕੂਲ ਵਾਧੂ ਸੁਵਿਧਾਵਾਂ ਜਿਵੇਂ ਕਿ ਲਾਇਬ੍ਰੇਰੀਆਂ, ਵਿਗਿਆਨ ਲੈਬ, ਕੰਪਿਊਟਰ ਲੈਬ ਅਤੇ ਖੇਡ ਕੰਪਲੈਕਸ ਦੀ ਪੇਸ਼ਕਸ਼ ਕਰਦੇ ਹਨ। ਕੁੱਲ ਮਾਹੌਲ ਅਕਸਰ ਸਿੱਖਣ ਲਈ ਵਧੀਆ ਹੁੰਦਾ ਹੈ ਜੋ ਚੰਗੀ ਸੰਭਾਲ ਅਤੇ ਸੁਵਿਧਾਵਾਂ ਕਾਰਨ ਹੁੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**2. ਸਿੱਖਿਆ ਦੀ ਗੁਣਵੱਤਾ**

ਸਰਕਾਰੀ ਸਕੂਲ: ਸਿੱਖਿਆ ਦੀ ਗੁਣਵੱਤਾ ਬਹੁਤ ਵਾਰੀ ਵੱਖ-ਵੱਖ ਹੁੰਦੀ ਹੈ; ਜਦੋਂ ਕਿ ਕੁਝ ਸਰਕਾਰੀ ਸਕੂਲ ਚੰਗਾ ਪ੍ਰਦਰਸ਼ਨ ਕਰਦੇ ਹਨ, ਦੂਜੇ ਸਰਕਾਰੀ ਸਕੂਲ ਸੰਸਾਧਨਾਂ ਦੀ ਘਾਟ ਕਾਰਨ ਮੁਸ਼ਕਿਲਾਂ ਦਾ ਸਾਹਮਣਾ ਕਰਦੇ ਹਨ। ਕੁਝ ਖੇਤਰਾਂ ਵਿੱਚ ਅਧਿਆਪਕਾਂ ਦੀ ਖਾਲੀ ਪੋਸਟਾਂ ਇੱਕ ਚਿੰਤਾ ਦਾ ਕਾਰਨ ਹੈ, ਜੋ ਸਿੱਖਿਆ ਦੀ ਸਥਿਰਤਾ ਨੂੰ ਪ੍ਰਭਾਵਿਤ ਕਰਦੀ ਹੈ। ਸਿੱਖਿਆ ਖੇਤਰ ਦੇ ਰੋਜ਼ਾਨਾ ਤਜ਼ਰਬੇ ਤੇ ਪ੍ਰੋਜੈਕਟਾਂ ਕਾਰਣ ਰੋਟ ਲਰਨਿੰਗ ’ਤੇ ਧਿਆਨ ਦਿੱਤਾ ਜਾਂਦਾ ਹੈ ਨਾ ਕਿ ਆਲੋਚਨਾਤਮਕ ਸੋਚ ਜਾਂ ਵਰਤੋਂਗਤ ਐਪਲੀਕੇਸ਼ਨ ’ਤੇ।

**ਪ੍ਰਾਈਵੇਟ ਸਕੂਲ:**

ਆਮ ਤੌਰ ’ਤੇ ਉੱਚ ਗੁਣਵੱਤਾ ਦੀ ਸਿੱਖਿਆ ਮੁਹੱਈਆ ਕਰਨ ਲਈ ਜਾਣੇ ਜਾਂਦੇ ਹਨ ਜਿਸ ਵਿੱਚ ਸਮੁੱਚੇ ਵਿਕਾਸ ’ਤੇ ਧਿਆਨ ਦਿੱਤਾ ਜਾਂਦਾ ਹੈ।ਛੋਟੀ ਕਲਾਸਾਂ ਅਧਿਆਪਕਾਂ ਤੋਂ ਵਧੇਰੇ ਨਿੱਜੀ ਧਿਆਨ ਲਈ ਮੌਕਾ ਦਿੰਦੀਆਂ ਹਨ ।ਅਧਿਆਪਕਾਂ ਨਾਲ ਨਾਲ ਅਕਾਦਮਿਕਸ ਦੇ ਨਾਲ-ਨਾਲ ਵੱਖ-ਵੱਖ ਵਿਦਿਆਰਥੀ ਗਤੀਵਿਧੀਆਂ ਅਤੇ ਹੁਨਰ ਵਿਕਾਸ ’ਤੇ ਧਿਆਨ ਦਿੱਤਾ ਜਾਂਦਾ ਹੈ।

**3. ਅਧਿਆਪਕਾਂ ਦੀ ਯੋਗਤਾ**

ਸਰਕਾਰੀ ਸਕੂਲ: ਅਧਿਆਪਕਾਂ ਨੂੰ ਆਮ ਤੌਰ ’ਤੇ ਬੈਚਲਰ ਡਿਗਰੀ (2.5➢) ਹੋਣੀ ਚਾਹੀਦੀ ਹੈ ਅਤੇ ਨੌਕਰੀ ਲਈ ਰਾਜ-ਪੱਧਰੀ ਪਰੀਖਿਆ ਪਾਸ ਕਰਨੀ ਹੁੰਦੀ ਹੈ। ਪ੍ਰਾਈਵੇਟ ਸੰਸਥਾਵਾਂ ਨਾਲੋਂ ਵੱਧ ਪੇਸ਼ੇਵਰ ਵਿਕਾਸ ਦੇ ਮੌਕੇ ਸੀਮਿਤ ਹੋ ਸਕਦੇ ਹਨ।

**ਪ੍ਰਾਈਵੇਟ ਸਕੂਲ:** ਅਕਸਰ ਯੋਗਤਾ ਅਤੇ ਵਿਸ਼ੇਸ਼ੀਕ੍ਰਿਤ ਤਾਲੀਮ ਵਾਲੇ ਅਧਿਆਪਕਾਂ ਦੀ ਭਰਤੀ ਸਰਕਾਰੀ ਸਕੂਲਾਂ ਦੇ ਅਨੁਰੂਪ ਹੀ ਹੁੰਦੀ ਹੈ।

ਬਹੁਤ ਸਾਰੇ ਪ੍ਰਾਈਵੇਟ ਸਕੂਲ ਆਪਣੇ ਅਧਿਆਪਕਾਂ ਲਈ ਨਿਰੰਤਰ ਤਾਲੀਮ ਅਤੇ ਵਰਕਸ਼ਾਪਾਂ ਦਾ ਆਯੋਜਨ ਕਰਦੇ ਹਨ ਤਾਂ ਜੋ ਉਹ ਆਪਣੀਆਂ ਸਿਖਾਉਣ ਵਾਲੀਆਂ ਵਿਧੀਆਂ ਨੂੰ ਸੁਧਾਰ ਸਕਣ।

**4. ਪਾਠਕ੍ਰਮ**

**ਸਰਕਾਰੀ ਸਕੂਲ** : ਰਾਜ-ਮੰਡੀਤ ਪਾਠਕ੍ਰਮ ਦਾ ਪਾਲਣ ਕਰਦੇ ਹਨ, ਜੋ ਹਮੇਸ਼ਾ ਨਵੀਨੀਕਰਨ ਜਾਂ ਮੌਜੂਦਾ ਸਿੱਖਿਆ ਦੇ ਰੁਝਾਨਾਂ ਦੇ ਨਾਲ ਸਮੰਜਸਿਤ ਨਹੀਂ ਹੁੰਦਾ। ਵਿਦਿਆਰਥੀਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਪਾਠਕ੍ਰਮ ਨੂੰ ਅਡਜਸਟ ਕਰਨ ਵਿੱਚ ਸੀਮਿਤ ਲਚਕੀਲਾ ਹੁੰਦਾ ਹੈ।

**ਪ੍ਰਾਈਵੇਟ ਸਕੂਲ** : ਆਪਣੇ ਆਪ ਦਾ ਪਾਠਕ੍ਰਮ ਡਿਜ਼ਾਇਨ ਕਰਨ ਦੀ ਆਜ਼ਾਦੀ ਰੱਖਦੇ ਹਨ, ਅਕਸਰ ਆਧੁਨਿਕ ਸਿੱਖਣ ਦੇ ਤਰੀਕੇ ਅਤੇ ਅੰਤਰਰਾਸ਼ਟਰ ਮਿਆਰ ਨੂੰ ਸ਼ਾਮਿਲ ਕਰਦੇ ਹਨ। ਬਹੁਤ ਸਾਰੇ ਪ੍ਰਾਈਵੇਟ ਸਕੂਲ ਵਾਧੂ ਵਿਸ਼ਿਆਂ ਦੀ ਪੇਸ਼ਕਸ਼ ਕਰਦੇ ਹਨ ਜਿਵੇਂ ਕਿ ਵਿਦੇਸ਼ੀ ਭਾਸ਼ਾਵਾਂ, ਕੰਪਿਊਟਰ ਵਿਗਿਆਨ ਅਤੇ ਕਲਾ।

**5. ਫੀਸ ਅਤੇ ਯੋਗਤਾ**

ਸਰਕਾਰੀ ਸਕੂਲ : ਸਿੱਖਿਆ ਮੁਫਤ ਜਾਂ ਬਹੁਤ ਘੱਟ ਕੀਮਤ ’ਤੇ ਹੁੰਦੀ ਹੈ, ਜਿਸ ਨਾਲ ਇਹ ਸਭ ਸਮਾਜਿਕ-ਆਰਥਿਕ ਵਰਗਾਂ ਲਈ ਉਪਲਬਧ ਹੁੰਦੀ ਹੈ। ਯੂਨੀਫਾਰਮ, ਪੁਸਤਕਾਂ ਅਤੇ ਆਵਾਜਾਈ ਤੋਂ ਨਾ ਮਾਤਰ ਖਰਚੇ ਹੋ ਸਕਦੇ ਹਨ।

**ਪ੍ਰਾਈਵੇਟ ਸਕੂਲ** : ਟਿਊਸ਼ਨ ਫੀਸ ਕਾਫੀ ਉੱਚ ਹੋ ਸਕਦੀ ਹੈ, ਜਿਸ ਨਾਲ ਇਹ ਘੱਟ ਆਮਦਨੀ ਵਾਲੇ ਪਰਿਵਾਰਾਂ ਲਈ ਘੱਟ ਉਪਲਬਧ ਹੁੰਦੀ ਹੈ। ਹਾਲਾਂਕਿ, ਬਹੁਤ ਸਾਰੇ ਪ੍ਰਾਈਵੇਟ ਸਕੂਲ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਨੂੰ ਸਮਰਥਨ ਦੇਣ ਲਈ ਸਕੋਲਰਸ਼ਿਪ ਜਾਂ ਵਿੱਤੀ ਸਹਾਇਤਾ ਕਾਰਜਕ੍ਰਮ ਪ੍ਰਦਾਨ ਕਰਦੇ ਹਨ।

**6. ਵਿਦਿਆਰਥੀ ਪ੍ਰਦਰਸ਼ਨ**

**ਸਰਕਾਰੀ ਸਕੂਲ** : ਪ੍ਰਦਰਸ਼ਨ ਬਹੁਤ ਵਾਰੀ ਵੱਖ-ਵੱਖ ਹੁੰਦਾ ਹੈ; ਕੁਝ ਵਿਦਿਆਰਥੀ ਉੱਤਮ ਪ੍ਰਦਰਸ਼ਨ ਕਰਦੇ ਹਨ ਜਦੋਂ ਕਿ ਦੂਜੇ ਸੰਸਾਧਨਾਂ ਅਤੇ ਸਮਰਥਨ ਦੀ ਘਾਟ ਕਾਰਨ ਮੁਸ਼ਕਿਲ ਦਾ ਸਾਹਮਣਾ ਕਰਦੇ ਹਨ। ਬੋਰਡ ਪਰੀਖਿਆਂ ਦੇ ਨਤੀਜੇ ਆਮ ਤੌਰ ’ਤੇ ਪ੍ਰਾਈਵੇਟ ਸਕੂਲਾਂ ਨਾਲੋਂ ਵੱਧ ਹੁੰਦੇ ਹਨ।

**ਪ੍ਰਾਈਵੇਟ ਸਕੂਲ** : ਆਮ ਤੌਰ ’ਤੇ ਚੰਗੇ ਅਕਾਦਮਿਕ ਨਤੀਜੇ ਹਾਸਿਲ ਕਰਦੇ ਹਨ । ਵਿਦਿਆਰਥੀਆਂ ਨੂੰ ਕੋਚਿੰਗ ਅਤੇ ਵਾਧੂ ਕਲਾਸਾਂ ਦੀ ਪਹੁੰਚ ਮਿਲਦੀ ਹੈ ਜੋ ਉਨ੍ਹਾਂ ਦੇ ਪ੍ਰਦਰਸ਼ਨ ਨੂੰ ਸੁਧਾਰਦੀ ਹੈ।

**7. ਪਹੁੰਚ**

**ਸਰਕਾਰੀ ਸਕੂਲ:** ਗ੍ਰਾਮੀਣ ਖੇਤਰਾਂ ਵਿੱਚ ਵੱਧ ਪੱਧਰੀ ਹੁੰਦੀਆਂ ਹਨ; ਉਹਨਾਂ ਨੇ ਉਹਨਾਂ ਖੇਤਰਾਂ ਵਿੱਚ ਸਿੱਖਿਆ ਮੁਹੱਈਆ ਕਰਨ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ ਹੈ ਜਿੱਥੇ ਪ੍ਰਾਈਵੇਟ ਵਿਕਲਪ ਉਪਲਬਧ ਨਹੀਂ ਹੋ ਸਕਦੇ। ਪਹੁੰਚ ਕੁਝ ਕਾਰਨਾਂ ਨਾਲ ਰੁਕੀ ਹੋ ਸਕਦੀ ਹੈ ਜਿਵੇਂ ਕਿ ਖਰਾਬ ਢਾਂਚਾ ਅਤੇ ਅਧਿਆਪਕਾਂ ਦੀ ਘਾਟ।

**ਪ੍ਰਾਈਵੇਟ ਸਕੂਲ** : ਆਮ ਤੌਰ ’ਤੇ ਸ਼ਹਿਰ ਅਤੇ ਅਧ-ਸ਼ਹਿਰੀ ਖੇਤਰਾਂ ਵਿੱਚ ਕੇਂਦ੍ਰਿਤ, ਜਿਸ ਨਾਲ ਇਹ ਗ੍ਰਾਮੀਣ ਖੇਤਰਾਂ ਵਿੱਚ ਘੱਟ ਪਹੁੰਚਯੋਗ ਬਣ ਜਾਂਦੇ ਹਨ। ਦਾਖਲਾ ਪ੍ਰਕਿਰਿਆ ਮੁਕਾਬਲੇ ਦੀ ਹੋ ਸਕਦੀ ਹੈ ਅਤੇ ਦਾਖਲਾ ਮਿਆਰ ਆਰਥਿਕ ਤੌਰ ’ਤੇ ਪਿਛੜੇ ਵਿਦਿਆਰਥੀਆਂ ਨੂੰ ਬਾਹਰ ਰੱਖ ਸਕਦਾ ਹੈ। ਕੁਝ ਪ੍ਰਾਈਵੇਟ ਸਕੂਲ ਯਾਤਰਾ ਸੇਵਾਵਾਂ ਵੀ ਪ੍ਰਦਾਨ ਕਰਦੇ ਹਨ ਜਿਸ ਨਾਲ ਦੂਰ ਰਹਿੰਦੇ ਪਰਿਵਾਰਾਂ ਲਈ ਪਹੁੰਚ ਸੁਧਰਦੀ ਹੈ। ਪੰਜਾਬ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੀ ਤੁਲਨਾਤਮਕ ਅਧਿਐਨ ਸਿੱਖਿਆ ਦੇ ਮੌਕਿਆਂ ਦੇ ਇੱਕ ਜਟਿਲ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਜਦੋਂ ਕਿ ਸਰਕਾਰੀ ਸਕੂਲ ਵਿਸ਼ੇਸ਼ਤ: ਗ੍ਰਾਮੀਣ ਖੇਤਰਾਂ ਵਿੱਚ ਸਿੱਖਿਆ ਦੀ ਪਹੁੰਚ ਮੁਹੱਈਆ ਕਰਦੇ ਹਨ, ਉਹ ਅਕਸਰ ਢਾਂਚਾ, ਅਧਿਆਪਕ ਗੁਣਵੱਤਾ ਅਤੇ ਸਰੋਤਾਂ ਦੀ ਉਪਲਬਧਤਾ ਨਾਲ ਸੰਬੰਧਤ ਚੁਣੌਤੀਆਂ ਦਾ ਸਾਹਮਣਾ ਕਰਦੇ ਹਨ। ਦੂਜੇ ਪਾਸੇ ਪ੍ਰਾਈਵੇਟ ਸਕੂਲ ਅਧਿਕਤਮ ਸੁਵਿਧਾਵਾਂ, ਨਿੱਜੀ ਧਿਆਨ ਅਤੇ ਉੱਚ ਅਕਾਦਮਿਕ ਪ੍ਰਦਰਸ਼ਨ ਪ੍ਰਦਾਨ ਕਰਦੇ ਹਨ, ਪਰ ਇਹ ਬਹੁਤ ਸਾਰੇ ਪਰਿਵਾਰਾਂ ਲਈ ਵਿੱਤੀ ਤੌਰ ’ਤੇ ਬਹੁਤ ਮਹਿੰਗੇ ਹੋ ਸਕਦੇ ਹਨ। ਅਖੀਰ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਸਕੂਲਿੰਗ ਵਿਚਕਾਰ ਚੋਣ ਵਿਅਕਤੀਗਤ ਹਾਲਾਤਾਂ ’ਤੇ ਨਿਰਭਰ ਕਰ ਸਕਦੀ ਹੈ, ਜਿਸ ਵਿੱਚ ਆਰਥਿਕ ਸਥਿਤੀ, ਭੂਗੋਲਿਕ ਸਥਿਤੀ ਅਤੇ ਸਿੱਖਿਆ ਸੰਬੰਧੀ ਆਸ਼ਾਵਾਂ ਸ਼ਾਮਲ ਹਨ। ਨੀਤੀ ਬਣਾਉਣ ਵਾਲਿਆਂ ਅਤੇ ਅਧਿਆਪਕਾਂ ਨੂੰ ਇਸ ਦੋਨੋਂ ਖੇਤਰਾਂ ਵਿਚਕਾਰ ਦੇ ਫਰਕਾਂ ਨੂੰ ਦੂਰ ਕਰਨ ਲਈ ਸਹਿਯੋਗੀ ਢੰਗ ਨਾਲ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਸਾਰੇ ਵਿਦਿਆਰਥੀਆਂ ਨੂੰ ਗੁਣਵੱਤਾ ਵਾਲੀ ਸਿੱਖਿਆ ਮਿਲ ਸਕੇ ਜੋ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇ ਅਤੇ ਉਨ੍ਹਾਂ ਨੂੰ ਭਵਿਖ ਲਈ ਤਿਆਰ ਕਰੇ। ਸਰਕਾਰੀ ਸਕੂਲਾਂ ਦੇ ਢਾਂਚੇ ਨੂੰ ਸੁਧਾਰਨਾ, ਅਧਿਆਪਕ ਪ੍ਰਸ਼ਿਖਣ ਨੂੰ ਵਧਾਉਣਾ ਅਤੇ ਪਾਠਯਕ੍ਰਮ ਨੂੰ ਆਧੁਨਿਕ ਬਣਾਉਣਾ ਇਹ ਦੋਨੋਂ ਸਿਸਟਮਾਂ ਵਿਚਕਾਰ ਦੇ ਫਰਕ ਨੂੰ ਪੂਰਾ ਕਰਨ ਲਈ ਜ਼ਰੂਰੀ ਹੈ। ਇਸ ਤੋਂ ਇਲਾਵਾ, ਸਰਕਾਰੀ ਅਤੇ ਪ੍ਰਾਈਵੇਟ ਸੰਸਥਾਵਾਂ ਵਿਚਕਾਰ ਭਾਈਚਾਰੇ ਨੂੰ ਉਤਸ਼ਾਹਿਤ ਕਰਨਾ ਇੱਕ ਹੋਰ ਸਮੱਗਰੀਕ ਰੂਪ ਵਿੱਚ ਸਿੱਖਿਆ ਦੇ ਪ੍ਰਵਾਹ ਨੂੰ ਬਣਾਉਣ ਲਈ ਲਾਭਦਾਇਕ ਹੋ ਸਕਦਾ ਹੈ ਜੋ ਪੰਜਾਬ ਵਿੱਚ ਸਾਰੇ ਵਿਦਿਆਰਥੀਆਂ ਨੂੰ ਫਾਇਦਾ ਦੇਵੇ।

**-ਸੁਰਿੰਦਰਪਾਲ ਸਿੰਘ, ਸ੍ਰੀ ਅਮ੍ਰਿਤਸਰ ਸਾਹਿਬ।**

# ਦਮਦਮੀ ਟਕਸਾਲ ਨੇ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿਖੇ ਸਜਾਏ ਸ਼ਹੀਦੀ ਦੀਵਾਨ




**ਚੌਕ ਮਹਿਤਾ, 10 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ ’84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ। ਜਿਸ ਦੇ ਚਲਦਿਆਂ ਅੱਜ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅਤੇ ਸਿੱਖ ਪੰਥ ਦੇ ਮਹਾਨ ਜਰਨੈਲ, ਸੂਰਬੀਰ ਯੋਧੇ, ਅਤੇ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਦੇ ਜੀਵਨ ਬਿਰਤਾਂਤ ਬਾਰੇ ਵਿਸਥਾਰ ਪੂਰਵਕ ਦੱਸਿਆ। ਉਨਾਂ ਦੱਸਿਆ ਕਿ ਕਿਵੇਂ ਬਾਬਾ ਜੀ ਨੇ ਸਿੱਖੀ ਨੂੰ ਪ੍ਰਫੁੱਲਤ ਕਰਨ ਲਈ ਗੁਰਬਾਣੀ ਦਾ ਪ੍ਰਚਾਰ ਤੇ ਪ੍ਰਸਾਰ ਕੀਤਾ, ਉਨਾਂ ਆਖਿਆ ਕਿ ਸੰਗਤ ਨੂੰ ਸ਼ਬਦ ਗੁਰੂ ਨਾਲ ਜੋੜਨਾ ਕੀਤਾ। ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ। ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਭਾਈ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ, ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਸਰਪੰਚ ਹਰਜਿੰਦਰ ਸਿੰਘ ਜੱਜ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

# ਡੈਂਗੂ ਦੇ ਖ਼ਾਤਮੇ ਲਈ ਜਾਗਰੂਕਤਾ ਦੀ ਲੋੜ - ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਸੰਜੇ ਕਾਮਰਾ ਜੀ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਉਪਾਸਨਾ ਬਿੰਦਰਾਂ ਜੀ ਅਤੇ ਐਸ ਐਮ ਓ ਡਾਕਟਰ ਸੁਦੀਪ ਸਿੱਧੂ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਅਧੀਨ ਆਉਂਦੇ ਪਿੰਡ ਬਟੂਹਾ, ਕਿਲਾਂ ਹਕੀਮਾਂ, ਨੱਤ, ਪੁੰਨਾਵਾਲ, ਬੇਨੜਾ ਵਿਖੇ ਵੈਕਟਰ ਬੌਰਨ ਐਕਟੀਵਿਟੀ ਕੀਤੀ ਗਈ ਜਿਸ ਦੌਰਾਨ ਡੈਂਗੂ, ਮਲੇਰੀਆ, ਚਿਕਨਗੁਨੀਆ ਅਤੇ ਮੌਸਮੀ ਬਿਮਾਰੀਆਂ ਦੇ ਚਿੰਨ੍ਹ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਗਈ ।ਇਸ ਮੌਕੇ ਬੁਖਾਰ ਵਾਲੇ ਕੇਸਾ ਦੇ ਖ਼ੂਨ ਦੇ ਸੈਂਪਲ ਇਕੱਤਰ ਕਰਕੇ ਸੀ ਐਚ ਸੀ ਪੱਧਰ ਤੇ ਲੈਬਾਟਰੀ ਵਿੱਚ ਭੇਜੇ ਗਏ ਅਤੇ ਲੋਕਾਂ ਨੂੰ ਬਿਮਾਰੀਆਂ ਨਾਲ ਸਬੰਧਿਤ ਇਸਤਿਹਾਰ ਵੰਡੇ ਗਏ ਤੇ ਡੈਂਗੂ ਐਪ ਡਾਊਨਲੋਡ ਕਰਨ ਲਈ ਪ੍ਰੇਰਤ ਕੀਤਾ ਗਿਆ ਤੇ ਦੱਸਿਆ ਗਿਆ ਕੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਜੋ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ, ਫਰਿੱਜਾਂ ਪਿੱਛੇ ਲੱਗੀ ਟਰੇਆਂ, ਗਮਲਿਆਂ, ਕੰਨਟੇਨਰਾ, ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਤਾਂ ਜੋ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹ ਬਰਤਨਾਂ ਵਿਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ।ਬਰਤਨਾ ਨੂੰ ਪੂਰੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਤਾਂ ਜੋ ਡੈਂਗੂ ਫੈਲਾਉਣ ਵਾਲੇ ਮੱਛਰਾਂ ਦੀ ਚੇਨ ਨੂੰ ਤੋੜਿਆ ਜਾ ਸਕੇ ।ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਅਤੇ ਰਾਤ ਨੂੰ ਸਾਊਣ ਸਮੇਂ ਮੱਛਰਦਾਨੀਆ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਘਰ ਦੇ ਆਲੇ ਦੁਆਲੇ ਕਿਤੇ ਵੀ ਬਰਸਾਤ ਦਾ ਪਾਣੀ ਇਕੱਠਾ ਨਾ ਹੋਣ ਦਿਓ। ਜੇ ਕਰ ਕਿਸੇ ਵਿਅਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਾਸ ਪੇਸ਼ੀਆਂ ਅਤੇ ਜੋੜਾਂ ਠ੍ਹਕ ਦਰਦ, ਜੀ ਕੱਚਾ ਹੋਣਾ ਅਤੇ ਉਲਟੀਆਂ, ਹਾਲਤ ਖ਼ਰਾਬ ਹੋਣ ਤੇ ਨੱਕ, ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਅਤੇ ਮਰੀਜ਼ ਨੂੰ ਖਾਣਾ ਹੱਲਕਾ ਦਿਓ ਅਤੇ ਤਰਲ ਪਦਾਰਥ ਵੱਧ ਮਾਤਰਾ ਵਿੱਚ ਦੇਵੋ ਤੇ ਮਰੀਜ਼ ਨੂੰ ਮੁਕੰਮਲ ਆਰਾਮ ਕਰਨਾ ਚਾਹੀਦਾ ਹੈ। ਜੇਕਰ ਕਿਸੇ ਵਿਅਕਤੀ ਨੂੰ ਇਹ ਲੱਛਣ ਮਹਿਸੂਸ ਮਰੀਜ਼ ਹੋਣ ਤਾਂ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਗੂ ਦ ਟੇਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਟੀਮ ਮੈਂਬਰ ਅਮਰੀਕ ਸਿੰਘ, ਹਰਜੀਤ ਸਿੰਘ, ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ, ਗੁਰਪ੍ਰੀਤ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਗਰਾਂਦ ਦਾ ਪਵਿੱਤਰ ਦਿਹਾੜਾ

## ਸੰਗਰਾਂਦ ਦੇ ਪਵਿੱਤਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।



ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ

**14 ਮਈ 2025 ਦਿਨ ਬੁੱਧਵਾਰ ਸ਼ਾਮ 6:30 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ☛ ਸ਼ੇਅਰ ਜ਼ਰੂਰੀ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**

ਡਿਪਟੀ ਕਮਿਸ਼ਨਰ ਨੇ ਸਿਵਲ ਡਿਫੈਂਸ ਅਤੇ ਜ਼ਰੂਰੀ ਸੇਵਾਵਾਂ ਸਬੰਧੀ ਤਿਆਰੀਆਂ ਦਾ ਲਿਆ ਜਾਇਜ਼ਾ

# ਜ਼ਿਲ੍ਹੇ ਦੇ ਪਿੰਡ ਵੀ ਸੰਕਟਕਾਲੀਨ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ : ਆਸ਼ਿਕਾ ਜੈਨ




**ਪਿੰਡਾਂ 'ਚ ਸ਼ੱਕੀ ਵਿਅਕਤੀਆਂ ਦੀ ਆਮਦ ਰੋਕਣ ਲਈ ਠੀਕਰੀ ਪਹਿਰੇ ਸ਼ੁਰੂ• ਜ਼ਰੂਰੀ ਸੇਵਾਵਾਂ ਲਈ ਅਧਿਕਾਰੀਆਂ ਨੂੰ ਕੀਤਾ ਗਿਆ ਮਨੋਨੀਤ**

ਹੁਸ਼ਿਆਰਪੁਰ, 10 ਮਈ (ਆਵਾਜ਼ਿ ਕੌਮ ਬਿਊਰੋ)-ਮੌਜੂਦਾ ਹਾਲਾਤ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸ਼ਹਿਰਾਂ ਤੇ ਕਸਬਿਆਂ ਦੇ ਨਾਲ-ਨਾਲ ਪਿੰਡਾਂ ਵਿਚ ਵੀ ਕਿਸੇ ਵੀ ਸੰਕਟਕਾਲੀਨ ਹਾਲਤ ਦਾ ਟਾਕਰਾ ਕਰਨ ਲਈ ਪੂਰੀ ਤਿਆਰੀ ਕਰ ਲਈ ਹੈ। ਅੱਜ ਇਸ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਹਰੇਕ ਪਿੰਡ ਵਿਚ 150-150 ਮਿੱਟੀ ਦੇ ਬੋਰੇ ਤਿਆਰ ਕੀਤੇ ਗਏ ਹਨ। ਇਸੇ ਤਰ੍ਹਾਂ ਪਿੰਡਾਂ ਵਿਚ ਵੀ ਰਿਸਪਾਂਸ ਟੀਮਾਂ ਗਠਿਤ ਕੀਤੀਆਂ ਗਈਆਂ ਹਨ ਅਤੇ ਜਿਓ ਹੀ ਸਾਇਰਨ ਵੱਜੇਗਾ ਤਾਂ ਸਾਰੇ ਪਾਸੇ ਬਲੈਕ ਆਊਟ ਕਰ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿਚ ਬਲੈਕ ਆਊਟ ਦੌਰਾਨ ਕਿਸੇ ਵੀ ਸ਼ੱਕੀ ਵਿਅਕਤੀ ਦੀ ਆਮਦ ਨੂੰ ਰੋਕਣ ਲਈ ਠੀਕਰੀ ਪਹਿਰੇ ਸ਼ੁਰੂ ਕੀਤੇ ਗਏ ਹਨ ਅਤੇ ਸਿਵਲ ਡਿਫੈਂਸ ਲਈ ਡਰਿੱਲ ਵੀ ਕਰਵਾਈ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਦੌਰਾਨ ਜ਼ਰੂਰੀ ਸੇਵਾਵਾਂ ਲਈ ਮਨੋਨੀਤ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਡਿਊਟੀਆਂ ਤੋਂ ਜਾਣੂ ਕਰਵਾਇਆ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।ਇਨ੍ਹਾਂ ਸੇਵਾਵਾਂ ਵਿਚ ਹੈਡਕੁਆਰਟਰ ਸੇਵਾਵਾਂ, ਵਾਰਡਨ ਸੇਵਾਵਾਂ, ਸੰਚਾਰ ਸੇਵਾਵਾਂ, ਦੁਰਘਟਨਾ ਸੇਵਾਵਾਂ, ਫਾਇਰ ਫਾਈਟਿੰਗ ਸੇਵਾਵਾਂ, ਰੈਸਕਿਉ ਸੇਵਾਵਾਂ, ਵੈਲਫੇਅਰ ਸੇਵਾਵਾਂ, ਬਚਾਓ ਸੇਵਾਵਾਂ, ਕਰੋਪਸ ਡਿਸਪੋਜ਼ਲ ਸੇਵਾਵਾਂ, ਡੀਪੂ ਤੇ ਟਰਾਂਸਪੋਰਟ ਸੇਵਾਵਾਂ, ਟ੍ਰੇਨਿੰਗ ਸੇਵਾਵਾਂ, ਸਪਲਾਈ ਸੇਵਾਵਾਂ, ਲੇਬਰ ਸਪਲਾਈ ਸੇਵਾਵਾਂ, ਇੰਡਸਟਰੀ ਤੇ ਫੈਕਟਰੀ ਸੇਵਾਵਾਂ ਅਤੇ ਮਲਬਾ ਰਿਕਵਰੀ ਆਦਿ ਸੇਵਾਵਾਂ ਸ਼ਾਮਲ ਹਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ, ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਓਇਸ਼ੀ ਮੰਡਲ, ਕਮਿਸ਼ਨਰ ਨਗਰ ਨਿਗਮ ਡਾ.ਅਮਨਦੀਪ ਕੌਰ, ਐਸ. ਡੀ.ਐਮ ਸੰਜੀਵ ਕੁਮਾਰ, ਐਸ.ਡੀ.ਐਮ. ਪਰਮਪ੍ਰੀਤ ਸਿੰਘ, ਐਸ.ਡੀ.ਐਮ ਗੁਰਸਿਮਰਨਜੀਤ ਕੌਰ, ਐਸ.ਪੀ ਨਵਨੀਤ ਕੌਰ ਗਿੱਲ, ਡੀ.ਐਸ.ਪੀ ਮਨਪ੍ਰੀਤ ਸ਼ੀਮਾਰ, ਸਿਵਲ ਸਰਜਨ ਡਾ. ਪਵਨ ਕੁਮਾਰ, ਸਿਵਲ ਡਿਫੈਂਸ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਇਸ ਦੌਰਾਨ ਹੋਰਨਾਂ ਸਬ-ਡਵੀਜ਼ਨਾਂ ਦੇ ਐਸ.ਡੀ.ਐਮਜ਼ ਵਲੋਂ ਵਰਚੁਅਲ ਮੋਡ ਰਾਹੀਂ ਮੀਟਿੰਗ ਵਿਚ ਸ਼ਿਰਕਤ ਕੀਤੀ ਗਈ।

# ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਨਵੇਂ ਚੇਅਰਮੈਨ ਬਣੇ ਜਸਪਾਲ ਸਿੰਘ ਚੇਚੀ




**ਕਿਸਾਨਾਂ, ਆੜ੍ਹਤੀਆਂ ਤੇ ਵਪਾਰੀ ਭਾਈਚਾਰੇ ਦੀ ਹਰ ਲੋੜ ਦਾ ਰੱਖਿਆ ਜਾਵੇਗਾ ਧਿਆਨ**

ਹੁਸ਼ਿਆਰਪੁਰ, 10 ਮਈ (ਆਵਾਜ਼ਿ ਕੌਮ ਬਿਊਰੋ)-ਦਾਣਾ ਮੰਡੀ ਵਿਖੇ ਹੋਏ ਇੱਕ ਸਾਦੇ ਸਮਾਰੋਹ ਦੌਰਾਨ ਅੱਜ ਜਸਪਾਲ ਸਿੰਘ ਚੇਚੀ ਨੇ ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਉਨ੍ਹਾਂ ਸਭ ਤੋਂ ਪਹਿਲਾਂ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰ ਰਹੇ ਵੀਰ ਸੈਨਿਕਾਂ ਨੂੰ ਨਮਨ ਕੀਤਾ ਤੇ ਉਨ੍ਹਾਂ ਨੂੰ ਸਨਮਾਨ ਭੇਟ ਕੀਤਾ।ਚੇਚੀ ਨੇ ਕਿਹਾ ਕਿ ਅੱਜ ਦੇਸ਼ ਪਾਕਿਸਤਾਨ ਵੱਲੋਂ ਹੋ ਰਹੇ ਹਮਲਿਆਂ ਦਾ ਸਾਹਮਣਾ ਕਰ ਰਿਹਾ ਹੈ, ਇਸ ਕਰਕੇ ਹਰ ਨਾਗਰਿਕ ਦਾ ਫਰਜ਼ ਹੈ ਕਿ ਉਹ ਏਕਜੁਟ ਹੋ ਕੇ ਦੇਸ਼ ਅਤੇ ਸਮਾਜ ਦੀ ਭਲਾਈ ਲਈ ਕੰਮ ਕਰੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੇਂ-ਸਮੇਂ ਤੇ ਜਾਰੀ ਕੀਤੀਆਂ ਹਦਾਇਤਾਂ ਦੀ ਪੂਰੀ ਪਾਬੰਦੀ ਨਾਲ ਪਾਲਣਾ ਕਰਣ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਆਪਣੀ ਭੂਮਿਕਾ ਨਿਭਾਉਣ। ਜਸਪਾਲ ਸਿੰਘ ਚੇਚੀ ਨੇ ਇਸ ਮਹੱਤਵਪੂਰਨ ਜ਼ਿੰਮੇਵਾਰੀ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਯਕੀਨ ਦਿਵਾਇਆ ਕਿ ਉਹ ਇਸ ਅਹੁਦੇ ਦੀ ਗਰਿਮਾ ਨੂੰ ਬਣਾਏ ਰੱਖਦੇ ਹੋਏ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ। ਗੇ। ਚੇਅਰਮੈਨ ਨੇ ਕਿਹਾ ਕਿ ਕਣਕ ਖਰੀਦ ਸੀਜ਼ਨ ਦੇ ਚਲਦਿਆਂ ਮੰਡੀਆਂ ਵਿਚ ਵਿਵਸਥਾ ਉੱਤੇ ਖ਼ਾਸ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮੰਡੀ ਵਿੱਚ ਆਉਣ ਵਾਲੇ ਹਰ ਕਿਸਾਨ ਨੂੰ ਪੂਰੀ ਸੁਵਿਧਾ ਅਤੇ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਨ੍ਹਾਂ ਦੇ ਮਾਤਾ ਭਜਨ ਕੌਰ, ਭਰਾ ਅਜੇਪਾਲ ਸਿੰਘ ਚੇਚੀ, ਭੈਣਾਂ ਨੀਲਮ ਰਾਣੀ ਤੇ ਪ੍ਰੋਮਿਲਾ ਰਾਣੀ, ਪਤਨੀ ਸੋਨੀਆ ਰਾਣੀ, ਭਾਬੀ ਆਸ਼ਾ ਰਾਣੀ, ਨੰਬਰਦਾਰ ਚੰਨਿਆਣੀ ਖ਼ੁਰਦ ਹੁਸਨ ਲਾਲ ਚੇਚੀ, ਪਵਨ ਕੁਮਾਰ ਤੇ ਹੋਰ ਪਤਵੰਤੇ ਮੌਜੂਦ ਸਨ।ਇਸੇ ਦੌਰਾਨ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ, ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਡਾ. ਇਸ਼ਾਂਕ, ਡਾ. ਜਤਿੰਦਰ, ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਕਰਮਜੀਤ ਕੌਰ ਅਤੇ ਹੋਰ ਅਹਿਮ ਸ਼ਖਸੀਅਤਾਂ ਨੇ ਪਹੁੰਚ ਕੇ ਨਵ-ਨਿਯੁਕਤ ਚੇਅਰਮੈਨ ਨੂੰ ਵਧਾਈ ਦਿੱਤੀ।

# ਸੰਕਟ ਦੀ ਇਸ ਘੜੀ 'ਚ ਸਾਰੇ ਧਰਮ ਅਤੇ ਭਾਈਚਾਰੇ ਦੇਸ਼ ਦੀ ਫੌਜ ਦੇ ਨਾਲ ਖੜ੍ਹੇ ਹਨ : ਬ੍ਰਮ ਸ਼ੰਕਰ ਜਿੰਪਾ



ਹੁਸ਼ਿਆਰਪੁਰ, 10 ਮਈ (ਆਵਾਜ਼ਿ ਕੌਮ ਬਿਊਰੋ)-ਦੇਸ਼ ਵਿੱਚ ਜੰਗ ਦੀ ਸਥਿਤੀ ਦੇ ਮੱਦੇਨਜ਼ਰ, ਸਰਵਧਰਮ ਸਦਭਾਵਨਾ ਕਮੇਟੀ ਵੱਲੋਂ ਫਿਊਚਰ ਰੈਡੀ ਇੰਸਟੀਚਿਊਟ ਵਿਦਿਆ ਮੰਦਿਰ ਸ਼ਿਮਲਾ ਪਹਾੜੀ ਹੁਸ਼ਿਆਰਪੁਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ।ਵਿਧਾਇਕ ਹੁਸ਼ਿਆਰਪੁਰ ਬ੍ਰਮ ਸ਼ੰਕਰ ਜਿੰਪਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਰੇ ਧਰਮਾਂ, ਭਾਈਚਾਰਿਆਂ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਮੈਂਬਰ ਇਸ ਸੰਕਟ ਦੀ ਘੜੀ ਵਿੱਚ ਦੇਸ਼ ਅਤੇ ਸਰਹੱਦਾਂ 'ਤੇ ਲੜ ਰਹੀਆਂ ਫੌਜਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਸਾਰੇ ਨਾਗਰਿਕਾਂ ਨੂੰ ਸਿਵਲ ਡਿਫੈਂਸ ਸਿਖਲਾਈ ਵੀ ਲੈਣੀ ਚਾਹੀਦੀ ਹੈ ਤਾਂ ਜੋ ਕਿਸੇ ਆਫ਼ਤ ਦੀ ਸਥਿਤੀ ਵਿੱਚ ਜ਼ਖਮੀ ਲੋਕਾਂ ਦੀ ਜਾਨ ਬਚਾਉਣ ਲਈ ਤੁਰੰਤ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਸਾਨੂੰ ਪ੍ਰਸ਼ਾਸਨ ਦੇ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਅਫਵਾਹਾਂ ਤੋਂ ਬਚਣਾ ਚਾਹੀਦਾ ਹੈ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਸਰਵਧਰਮ ਸਦਭਾਵਨਾ ਕਮੇਟੀ ਦੇ ਕਨਵੀਨਰ ਅਨੁਰਾਗ ਸੂਦ, ਕ੍ਰਿਸ਼ਚੀਅਨ ਨੈਸ਼ਨਲ ਫਰੰਟ ਦੇ ਰਾਸ਼ਟਰੀ ਚੇਅਰਮੈਨ ਲਾਰੈਂਸ ਚੌਧਰੀ, ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਦੇ ਉਪ ਪ੍ਰਧਾਨ ਅਵਤਾਰ ਸਿੰਘ ਲਾਇਲ, ਗੁਰਨਾਮ ਸਿੰਘ ਘੁੰਮਣ, ਅਹਿਮਦੀਆ ਮੁਸਲਿਮ ਜਮਾਤ ਤੋਂ ਮੌਲਵੀ ਸ਼ਾਹਬਾਜ਼ ਮੰਨਨ, ਸੂਦ ਸਭਾ ਹੁਸ਼ਿਆਰਪੁਰ ਦੇ ਪ੍ਰਧਾਨ ਅਰਵਿੰਦ ਸੂਦ ਐਡਵੋਕੇਟ, ਸੇਵਾਮੁਕਤ ਡੀਐਫਐਸਓ ਇੰਦਰ ਮੋਹਨ ਸ਼ਰਮਾ ਅਤੇ ਸਮਾਜ ਸੇਵਕ ਮਨੀ ਗੋਗੀਆ ਨੇ ਵੀ ਦੇਸ਼ ਨੂੰ ਸੰਬੋਧਨ ਕੀਤਾ ਅਤੇ ਸਾਰੇ ਦੇਸ਼ ਵਾਸੀਆਂ ਨੂੰ ਅਜਿਹੇ ਸਮੇਂ ਵਿੱਚ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਬਾਬਾ ਬਾਲਕ ਨਾਥ ਟਰੱਸਟ ਦੇ ਸੰਸਥਾਪਕ ਹਰਸ਼ਿਵੰਦਰ ਸਿੰਘ ਪਠਾਨੀਆ, ਸੂਦ ਸਭਾ ਦੇ ਸਕੱਤਰ ਅਨਿਲ ਸੂਦ, ਮਹਾਰਿਸ਼ੀ ਭ੍ਰਿਗੂ ਵੇਦ ਵਿਦਿਆਲਿਆ ਦੇ ਸੰਸਥਾਪਕ ਪੰਕਜ ਸੂਦ, ਪ੍ਰੋ: ਨਜਮ ਰਿਆਦ, ਪ੍ਰੋ: ਟਰੇਸੀ ਕੋਹਲੀ, ਸ਼੍ਰੀ ਰਵਿਦਾਸ ਸਭਾ ਦੇ ਪ੍ਰਧਾਨ ਰਾਕੇਸ਼ ਕੁਮਾਰ, ਮਨਦੀਪ ਚੇਚੀ, ਪ੍ਰਿੰਸੀਪਲ ਸ਼ੋਭਾ ਰਾਣੀ, ਵਿਜੇ ਕੰਵਰ, ਮਨੀਸ਼ਾ ਜੋਸ਼ੀ, ਚਾਹਤ ਪਠਾਨੀਆ, ਚੇਤਨਾ ਅਤੇ ਹੋਰ ਪਤਵੰਤੇ ਹਾਜ਼ਰ ਸਨ, ਇਸ ਮੌਕੇ 'ਤੇ ਮੌਜੂਦ ਲੋਕਾਂ ਨੇ ਪ੍ਰਸ਼ਾਸਨ ਵੱਲੋਂ ਸਪਾਂਸਰ ਕੀਤੀ ਗਈ ਸਿਵਲ ਡਿਫੈਂਸ ਸਿਖਲਾਈ ਲਈ ਫਾਰਮ ਵੀ ਭਰੇ।

## ਮੁੰਡਿਆ ਵੇ ਹਾਣਦਿਆ



ਤੇਰੇ ਵਾਂਗ ਸਾਡਾ ਵੀ ਜੇ ਪਿਓ ਪਟਵਾਰੀ ਹੁੰਦਾ ,
ਪਰਸ 'ਚ ਨੋਟ ਹੁੰਦੇ ਕੁੜੀਆਂ 'ਚ ਟੌਅਰ ਹੁੰਦੀ ।
ਜਿਵੇਂ ਤੇਰੀ ਗੱਲ 'ਤੇ ਹੈ ਮੁੰਡਿਆਂ 'ਚ ਗੌਰ ਹੁੰਦੀ ,
ਕੁੜੀਆਂ 'ਚ ਓਵੇਂ ਸਾਡੀ ਗੱਲ 'ਤੇ ਵੀ ਗੌਰ ਹੁੰਦੀ ।
ਐਪਰ ਇੱਕ ਗੱਲ ਚੰਗੀ ਆਈ ਟੌਪ ਕਰਦੀ ਮੈਂ ,
ਪਹਿਲੀ ਤੋਂ ਹੀ ਹੁਣ ਤੱਕ ਸਾਰੀਆਂ ਜਮਾਤਾਂ ਵਿੱਚੋਂ ;
ਮੈਨੂੰ ਵੀ ਜੇ ਮਾਪੇ ਦਿੰਦੇ ਹੁੰਦੇ ਖੁੱਲ੍ਹਾ ਖ਼ਰਚਾ ਤਾਂ ,
ਤੇਰੇ ਵਾਂਗ ਮੈਂ ਵੀ ਫੇਲ੍ਹ ਹੋ ਕੇ ਡੌਰ ਭੌਰ ਹੁੰਦੀ ।

-ਮੂਲ ਚੰਦ ਸ਼ਰਮਾ ਪ੍ਰਧਾਨ , ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ, 9914836037

## ਗ਼ਜ਼ਲ

ਘਰ ਇਕ ਬਾਪੂ ਇਕ ਮਾਂ ਹੈ ਘਰ ਤੋਂ ਬਣਦਾ ਹੈ ਸਿਰਨਾਵਾਂ।
ਰੁੱਖ ਹੀ ਜੇਕਰ ਨਾ ਹੁੰਦੇ ਤਾਂ ਕਿੱਥੋਂ ਲੱਭਣੀਆਂ ਸੀ ਛਾਵਾਂ।
ਪੈਸੇ ਨਾਲ ਨਈਂ ਵੱਡਾ ਬੰਦਾ, ਵੱਡਾ ਚੱਜ ਆਚਾਰਾਂ ਦੇ ਨਾਲ,
ਮੰਜ਼ਿਲ ਤੋਂ ਬਿਨ ਮੁੱਲ ਨਾ ਕੋਈ ਬੇਸ਼ਕ ਹੋਵਣ ਲੱਖਾਂ ਰਾਂਵ੍ਹਾਂ।
ਇਕ ਤਿੜਾਗੀ ਵਾਲਾ ਬਚਪਨ ਠਾਠ ਜਵਾਨੀ ਜਿੱਥੇ-ਜਿੱਥੇ,
ਅੱਜ ਵੀ ਮੇਰੇ ਮਸਤਕ ਦੇ ਵਿਚ ਹੱਸਣ ਖੇਡਣ ਰੋਵਣ ਥਾਵਾਂ।
ਇੱਕ ਤਸ਼ੱਦਦ ਜੇਕਰ ਅਪਣੇਂ ਵੱਸ ਤੋਂ ਬਾਹਰ ਹੋ ਜਾਵੇ ਤਾਂ,
ਧਰਤੀ ਅੰਬਰ ਫੂਕ ਦਵੇ ਹੈ ਨਿਰਧਨ ਦਿਲ 'ਚੋਂ ਨਿਕਲੀਆਂ ਹਾਵਾਂ।
ਇਸ ਬਸਤੀ ਦੇ ਅੰਦਰ ਲੋਕੀਂ ਇਕ ਦੂਜੇ ਦੇ ਪੱਕੇ ਦੁਸ਼ਮਣ,
ਕਲਿਯੁਗ ਦੇ ਵਿਚ ਖੰਜਰ ਬਣੀਆਂ ਅਪਣੇ ਗਲ ਨੂੰ ਆਉਂਦੀਆਂ ਬਾਂਵ੍ਹਾਂ।
ਹੌਲੀ-ਹੌਲੀ ਖਾਈ ਜਾਂਦਾ ਇੱਕ ਨਸ਼ਾ ਧੀਆਂ-ਪੁੱਤਾਂ ਨੂੰ,
ਹਾਕਿਮ ਦੇ ਸਿਰ ਜੂੰਅ ਨਾ ਸਰਕੇ ਵਿਲਕਣ ਤੜਪਣ ਰੋਵਣ ਮਾਵਾਂ।
ਅਸਲੀਅਤ ਤੇ ਮਾਨਵਤਾ ਨੂੰ ਦੱਬ ਦਿੱਤਾ ਹੈ ਹਾਕਿਮ ਚੰਦਰੇ,
ਟੀਵੀ ਤੇ ਅਖ਼ਬਾਰਾਂ ਦੇ ਵਣ ਸੁਰਖ਼ੀ ਦੇ ਵਿਚ ਦੰਦ ਕਥਾਵਾਂ।
ਉਚੀਆਂ-ਉਚੀਆਂ ਬੰਦ ਦੀਵਾਰਾਂ ਉਚੇ-ਉਚ ਦਰਵਾਜ਼ੇ,
ਬੇਸ਼ਕ ਦੀਪ ਬੁਝਾਵਣ ਦੇ ਲਈ ਆਉਂਦੀਆਂ ਏਥੇ ਤੇਜ਼ ਹਵਾਵਾਂ।
ਏਥੇ ਨੇ ਸੱਤਰੰਗੀਆਂ ਪੀਂਘਾਂ ਖ਼ੁਸ਼ਹਾਲੀ ਤੇ ਹਰਿਆਲੀ ਹੈ,
ਇਹਨਾਂ ਉਚ ਪਹਾੜਾਂ ਦੇ ਵਿਚ ਤਾਂ ਹੀ ਆਉਂਦੀਆਂ ਘੋਰ ਘਟਾਵਾਂ।
ਆਪਾਂ ਐਸੀ ਖੇਡ ਬਣਾਈ ਜਿਸ ਵਿਚ ਸਾਂਝਾਂ ਵਾਲੇ ਪੁਲ ਨੇ,
ਨਾ ਕਿਸੇ ਤੋਂ ਜਿੱਤਦਾ ਹਾਂ ਮੈਂ ਨਾ ਕਿਸੇ ਨੂੰ ਹੋਰ ਹਰਾਵਾਂ।
ਬਾਲਮ ਮੇਰੀਆਂ ਗ਼ਜ਼ਲਾਂ ਦੇ ਵਿਚ ਸਾਰੇ ਪਰਦੇ ਖੁੱਲ੍ਹ ਜਾਂਦੇ ਹਨ,
ਬੇਸ਼ਕ ਮੇਰੇ ਮਸਤਕ ਦੇ ਵਿਚ ਭੇਦ ਛੁਪਾਵਣ ਬੰਦ ਗੁਫਾਵਾਂ।

-ਬਲਵਿੰਦਰ ਬਾਲਮ ਗੁਰਦਾਸਪੁਰ, ਉਂਕਾਰ ਨਗਰ ਗੁਰਦਾਸਪੁਰ ਪੰਜਾਬ, ਮੋ. 98156-25409

# ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਦਾ ਫੈਸਲਾ 2004 ਤੋਂ ਬਾਅਦ ਭਰਤੀ ਮੁਲਾਜਮਾਂ ਤੇ ਵੀ ਲਾਗੂ ਕਰੇ: ਧੂਤ

ਹੁਸ਼ਿਆਰਪੁਰ, 10 ਮਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਕੈਬਨਿਟ ਬੈਠਕ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਮੀਡੀਆ ਨਾਲ ਮੁਖਾਤਿਬ ਹੁੰਦਿਆਂ ਜੋ 2014 ਤੋਂ ਬਾਅਦ 2500 ਦੇ ਕਰੀਬ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲੀ ਦੀ ਗੱਲ ਕਰ ਰਹੇ ਹਨ, ਅਸਲ ਵਿੱਚ ਉਹਨਾਂ ਨੇ 2004 ਤੋਂ ਪਹਿਲਾਂ ਨਿਕਲੇ ਇਸ਼ਤਿਹਾਰ ਜਾਂ ਕੰਟਰੈਕਟਰ ਤੇ ਕੰਮ ਕਰਦੇ ਮੁਲਾਜ਼ਮਾਂ ਤੇ ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਪੁਰਾਣੀ ਪੈਨਸ਼ਨ ਲਾਗੂ ਕੀਤੀ ਹੈ। ਇਸ ਸੰਬੰਧੀ 2004 ਤੋਂ ਪਹਿਲਾਂ ਭਰਤੀ ਮੁਲਾਜਮਾਂ ਨੇ ਮਾਣਯੋਗ ਸੁਪਰੀਮ ਕੋਰਟ ਵਿੱਚ ਸੀ ਡਬਲਯੂ ਪੀ 19481-2023 ਦਾਖਲ ਕੀਤੀ ਸੀ। ਜਿਸ ਦੇ ਤਹਿਤ ਅੱਜ ਕੈਬਨਿਟ ਵਿੱਚ ਫੈਸਲਾ ਲਿਆ ਗਿਆ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਕਨਵੀਨਰ ਸੰਜੀਵ ਧੂਤ ਪੁਰਾਣੀ ਪੈਨਸ਼ਨ ਬਹਾਲੀ ਸ਼ੰਘਰਸ ਕਮੇਟੀ ਹੁਸ਼ਿਆਰਪੁਰ ਦੇ ਦੱਸਿਆ ਕਿ ਪੰਜਾਬ ਦੇ ਕਰਮਚਾਰੀ ਵੀ ਇਸ ਨੂੰ ਲਾਗੂ ਕਰਵਾਉਣ ਲਈ ਮਾਣਯੋਗ ਹਾਈ ਕੋਰਟ ਗਏ ਸਨ, ਜਿੱਥੇ ਮਾਨਯੋਗ ਹਾਈ ਕੋਰਟ ਨੇ ਹਫਤੇ ਅੰਦਰ-ਅੰਦਰ ਪੀੜਤ ਕਰਮਚਾਰੀਆਂ ਨੂੰ ਪੂਰੇ ਵਿੱਤੀ ਲਾਭ ਦੇਣ ਦੇ ਹੁਕਮ ਜਾਰੀ ਕਰ ਦਿੱਤੇ ਸਨ। ਜਿਸ ਕਰਕੇ ਪੰਜਾਬ ਸਰਕਾਰ ਨੇ ਅੱਜ ਦੀ ਕੈਬਨਿਟ ਮੀਟਿੰਗ ਵਿੱਚ ਇਹ ਫ਼ੈਸਲਾ ਲਿਆ ਹੈ ।ਉਨ੍ਹਾਂ ਕਿਹਾ ਕਿ ਜਿਥੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕਰਦੀ ਹੈ,ਉਥੇ ਨਾਲ ਹੀ ਮੰਗ ਕਰਦੀ ਹੈ ਕਿ ਪੰਜਾਬ ਸਰਕਾਰ ਆਪਣੇ ਵਾਇਦੇ ਅਨੁਸਾਰ ਇਹ ਫੈਸਲਾ 2004 ਤੋਂ ਬਾਅਦ ਪੰਜਾਬ ਦੇ ਭਰਤੀ ਸਾਰੇ ਮੁਲਾਜਮਾਂ ਉੱਤੇ ਵੀ ਲਾਗੂ ਕਰੇ। ਇਸ ਮੌਕੇ ਪ੍ਰਿਤਪਾਲ ਸਿੰਘ ਚੌਟਾਲਾ, ਪ੍ਰਿੰਸ ਗੜ੍ਹਦੀਵਾਲ ,ਸਚਿਨ ਗੜ੍ਹਦੀਵਾਲ , ਨਵਜੋਤ ਸਿੰਘ, ਪਰਮਜੀਤ ਸਿੰਘ, ਅਤੇ ਹੋਰ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਲੁਧਿਆਣਾ ਸੀ ਆਈ ਏ ਸਟਾਫ ਵੱਲੋਂ ਹੈਰੋਇਨ ਵੇਚਣ ਵਾਲੇ ਦੋ ਦੋਸ਼ੀਆਂ ਨੂੰ ਕੀਤਾ ਗਿਆ ਕਾਬੂ

## ਇੰਸਪੈਕਟਰ ਕੁਲਵੰਤ ਸਿੰਘ ਵੱਲੋਂ ਕੀਤਾ ਗਿਆ ਮਾਮਲਾ ਦਰਜ



ਲੁਧਿਆਣਾ, 10 ਮਈ (ਨਵੀਨ ਕਪੂਰ)- ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਸ਼ੁਰੂ ਕੀਤੀ ਮੁਹਿੰਮ ਤਹਿਤ ਕਾਰਵਾਈ ਨੂੰ ਅਮਲ ਵਿੱਚ ਲਿਆਂਦੇ ਹੋਏ ਲੁਧਿਆਣਾ ਦੇ ਸੀ ਆਈ ਏ ਸਟਾਫ ਦੇ ਇੰਸਪੈਕਟਰ ਕੁਲਵੰਤ ਸਿੰਘ ਇੰਚਾਰਜ ਵੱਲੋਂ ਮਿਤੀ 05-05-2025 ਨੂੰ ਦੋਸ਼ੀ ਰਮਨਦੀਪ ਕੁਮਾਰ ਪੁੱਤਰ ਸੰਤੋਖ ਰਾਜ ਵਾਸੀ ਕਰਤਾਰ ਨਗਰ ਸਲੇਮ ਟਾਬਰੀ ਲੁਧਿਆਣਾ ਮੋਟਰਸਾਈਕਲ ਹੀਰੋ ਸਪਲੈਂਡਰ ਰੰਗ ਕਾਲਾ ਨੇੜੇ ਜਵੱਦੀ ਨਹਿਰ ਪੁੱਲ ਲੁਧਿਆਣਾ ਤੋਂ ਕਾਬੂ ਕਰਕੇ ਉਕਤ ਦੋਸ਼ੀ ਪਾਸੋਂ 350 ਗਰਾਮ ਹੀਰੋਇਨ ਬਰਾਮਦ ਕੀਤੀ ਗਈ।ਜਿਸ ਦੇ ਬਰ-ਖਿਲਾਫ ਮੁਕਦਮਾ NDPSact ਤਹਿਤ ਥਾਣਾ ਮਾਡਲ ਟਾਊਨ ਲੁਧਿਆਣਾ ਵਿਚ ਮਾਮਲਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ। ਦੁਰਾਨੇ ਤਫਦੀਸ਼ ਪਾਇਆ ਗਿਆ ਤੇ ਦੋਸ਼ੀ ਰਮਨਦੀਪ ਕੁਮਾਰ ਆਪਣੇ ਸਾਥੀ ਅਜੇ ਕੁਮਾਰ ਜਫੀਆਂ ਕਲੋਨੀ ਹੈਬੋਵਾਲ ਲੁਧਿਆਣਾ ਨਾਲ ਮਿਲ ਕੇ ਨਾਜਾਇਜ਼ ਹੀਰੋਇਨ ਵੇਚਣ ਦਾ ਧੰਦਾ ਕਰਦਾ ਹੈ,ਜਿਸ ਨੂੰ ਮੁਕਦਮੇ ਵਿੱਚ ਨਾਮਜਦ ਦੋਸ਼ੀ ਕਰਕੇ ਗਿਰਫਤਾਰ ਕੀਤਾ ਗਿਆ,ਦੋਸ਼ੀ ਨੂੰ ਰਿਮਾਂਡ ਵਿਚ ਲਿਆ ਕੇ ਪੁਲਿਸ ਵਾਲੋ ਵਧੇਰੀ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਹੈ।